ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 29 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੧੪ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 'ਯੁੱਧ ਨਸ਼ਿਆਂ ਵਿਰੁੱਧ' ਦੀ ਨਿਕਲੀ ਫੂਕ; ਜੇਲ੍ਹ 'ਚ ਬੈਠਾ ਨਸ਼ਾ ਤਸਕਰ ਚਲਾ ਰਿਹਾ ਸੀ ਡਰੱਗ ਰੈਕਟ

**ਬਠਿੰਡਾ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-"ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਦਾਅਵੇ ਉਸ ਸਮੇਂ ਖੋਖਲੇ ਹੋ ਗਏ ਜਦੋਂ ਬਠਿੰਡਾ ਪੁਲਿਸ ਨੇ ਇੱਕ ਨਾਕੇਬੰਦੀ ਦੇ ਦੌਰਾਨ ਐਕਟਿਵਾ ਸਵਾਰ ਰਾਹੁਲ ਨਾਮ ਦੇ ਲੜਕੇ ਨੂੰ ਗ੍ਰਿਫਤਾਰ ਕੀਤਾ। ਮਿਲੀ ਜਾਣਕਾਰੀ ਮੁਤਾਬਿਕ ਪੁਲਿਸ ਨੇ ਉਸ ਕੋਲੋਂ 505 ਗ੍ਰਾਮ ਹੈਰੋਇਨ ਬਰਾਮਦ ਹੋਈ। ਦੱਸ ਦਈਏ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮ 'ਤੇ ਪਹਿਲਾਂ ਕੋਈ ਵੀ ਅਪਰਾਧਿਕ ਮਾਮਲਾ ਦਰਜ ਨਹੀਂ ਹੈ। ਮੁਲਜ਼ਮ ਬਠਿੰਡਾ ਦੇ ਪਰਸ ਰਾਮ ਨਗਰ ਦਾ ਰਹਿਣ ਵਾਲਾ ਹੈ। ਦੱਸ ਦਈਏ ਕਿ ਇਸ ਸਬੰਧੀ ਬਠਿੰਡਾ ਪੁਲਿਸ ਨੇ ਗੰਭੀਰਤਾ ਦੇ ਨਾਲ ਜਾਂਚ ਕੀਤੀ ਤਾਂ ਹੈਰਾਨ ਵਾਲਾ ਖੁਲਾਸਾ ਸਾਹਮਣੇ ਆਇਆ ਦਰਅਸਲ ਇਸ ਨਸ਼ਾ ਤਸਕਰੀ ਦੇ ਪਿੱਛੇ ਕਪੂਰਥਲਾ ਦੀ ਜੇਲ੍ਹ ਵਿੱਚ ਬੰਦ ਨਸ਼ਾ ਤਸਕਰ ਇਸ਼ਾਂਤ ਉਰਫ ਇਸ਼ੂ ਦਾ ਹੱਥ ਹੈ ਜਿਸ ਦੇ ਖ਼ਿਲਾਫ ਪਹਿਲਾਂ ਵੀ ਨਸ਼ਾ ਤਸਕਰੀ ਦੇ ਮਾਮਲੇ ਦਰਜ ਹਨ ਅਤੇ ਹੁਣ ਜੇਲ ਵਿੱਚ ਨਸ਼ਾ ਤਸਕਰੀ ਮਾਮਲੇ ਵਿੱਚ ਸਜਾ ਕੱਟ ਰਿਹਾ ਹੈ। ਦੂਜੇ ਪਾਸੇ ਫੜਿਆ ਗਿਆ ਆਰੋਪੀ ਇਸ ਨਸ਼ਾ ਤਸਕਰ ਦਾ ਸਾਥੀ ਦੱਸਿਆ ਜਾ ਰਿਹਾ ਹੈ ਜੋ ਇਸ ਦੇ ਕਹਿਣ 'ਤੇ ਜੇਲ੍ਹ ਵਿੱਚੋਂ ਬੈਠ ਕੇ ਨਸ਼ਿਆਂ ਤਸਕਰੀ ਦਾ ਰੈਕਟ ਚਲਾਉਂਦਾ ਹੈ ਅਤੇ ਜੇਲ੍ਹ ਦੇ ਅੰਦਰ ਵੀ ਨਸ਼ੇ ਦੀ ਸਪਲਾਈ ਕੀਤੀ ਜਾਂਦੀ ਹੈ। ਫਿਲਹਾਲ ਪੁਲਿਸ ਇਸ ਨੂੰ ਪ੍ਰੋਡਕਸ਼ਨ ਵਾਰੰਟ ਤੇ ਵੀ ਇਸ ਮਾਮਲੇ ਵਿੱਚ ਪੁੱਛ ਕਿਚ ਲਈ ਬਠਿੰਡਾ ਲੈ ਕੇ ਆਵੇਗੀ ਅਤੇ ਜਾਂਚ ਕੀਤੀ ਜਾ ਰਹੀ ਹੈ ਕਿ ਜੇਲ ਵਿਭਾਗ ਦੇ ਵੀ ਕੋਈ ਅਧਿਕਾਰੀ ਜਾਂ ਕਰਮਚਾਰੀ ਇਸ ਦੇ ਨਾਲ ਮਿਲੇ ਹੋਏ ਤਾਂ ਨਹੀਂ।

## ਪਾਕਿਸਤਾਨ 'ਚ ਭਾਰੀ ਮੀਂਹ ਤੇ ਹੜ੍ਹਾਂ ਨੇ ਮਚਾਈ ਹਾਹਾਕਾਰ

# ਲਹਿੰਦੇ ਪੰਜਾਬ 'ਚ 24 ਘੰਟਿਆਂ 'ਚ 17 ਲੋਕਾਂ ਦੀ ਮੌਤ, ਸੈਂਕੜੇ ਪਿੰਡ ਡੁੱਬੇ



**ਲਾਹੌਰ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਰਹੱਦ ਦੇ ਇਸ ਪਾਸੇ ਵੀ ਹੜ੍ਹ ਹੈ ਅਤੇ ਦੂਜੇ ਪਾਸੇ ਵੀ। ਮੌਨਸੂਨ ਦੀ ਬਾਰਿਸ਼ ਨੇ ਪੰਜਾਬ ਤੋਂ ਪਾਕਿਸਤਾਨੀ ਪੰਜਾਬ ਤੱਕ ਸਥਿਤੀ ਨੂੰ ਹੋਰ ਵੀ ਵਿਗਾੜ ਦਿੱਤਾ ਹੈ। ਅਟਾਰੀ-ਵਾਹਗਾ ਸਰਹੱਦ ਪੂਰੀ ਤਰ੍ਹਾਂ ਪਾਣੀ ਵਿੱਚ ਡੁੱਬ ਗਈ ਹੈ, ਜਿਸ ਕਾਰਨ ਆਵਾਜਾਈ ਬੰਦ ਹੋ ਗਈ ਹੈ ਅਤੇ ਸੁਰੱਖਿਆ ਚਿੰਤਾਵਾਂ ਵਧ ਗਈਆਂ ਹਨ। ਭਾਰਤ ਦੇ ਗੁਰਦਾਸਪੁਰ, ਪਠਾਨਕੋਟ ਅਤੇ ਤਰਨਤਾਰਨ ਵਰਗੇ ਜ਼ਿਲ੍ਹਿਆਂ ਤੋਂ ਲੈ ਕੇ ਪਾਕਿਸਤਾਨ ਦੇ ਪੰਜਾਬ ਸੂਬੇ ਤੱਕ ਨਦੀਆਂ ਉਛਲ ਰਹੀਆਂ ਹਨ। ਧੁੱਸੀ ਬੰਨ੍ਹ ਟੁੱਟਣ ਅਤੇ ਕਰਤਾਰਪੁਰ ਲਾਂਘੇ ਦੇ ਆਲੇ-ਦੁਆਲੇ ਪਾਣੀ ਭਰਨ ਕਾਰਨ ਕਈ ਪਿੰਡ ਡੁੱਬ ਗਏ ਹਨ, ਜਦੋਂ ਕਿ ਦੋਵਾਂ ਪਾਸਿਆਂ ਦੇ ਹਜ਼ਾਰਾਂ ਲੋਕ ਬੇਘਰ ਹੋ ਗਏ ਹਨ ਅਤੇ ਰਾਹਤ ਕੈਂਪਾਂ ਵਿੱਚ ਪਨਾਹ ਲੈਣ ਲਈ ਮਜਬੂਰ ਹਨ। ਪਾਕਿਸਤਾਨ ਦੇ ਪੰਜਾਬ ਸੂਬੇ ਵਿੱਚ ਆਏ ਭਿਆਨਕ ਹੜ੍ਹਾਂ ਕਾਰਨ ਪਿਛਲੇ 24 ਘੰਟਿਆਂ ਵਿੱਚ 17 ਲੋਕਾਂ ਦੀ ਮੌਤ ਹੋ ਗਈ ਹੈ। ਸੈਂਕੜੇ ਪਿੰਡ ਪਾਣੀ ਵਿੱਚ ਡੁੱਬ ਗਏ ਹਨ। ਅਧਿਕਾਰੀਆਂ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ।

## ਵੱਡਾ ਜਹਾਜ਼ ਹਾਦਸਾ ਟਲਿਆ ! ਹਜ਼ਾਰਾਂ ਫੁੱਟ ਦੀ ਉਚਾਈ 'ਤੇ ਆ ਗਈ ਇੰਜਣ 'ਚ ਖਰਾਬੀ

**ਅਹਿਮਦਾਬਾਦ/ਸੂਰਤ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਵੀਰਵਾਰ ਨੂੰ ਸੂਰਤ ਤੋਂ ਦੁਬਈ ਜਾ ਰਹੀ ਇੰਡੀਗੋ ਦੀ ਉਡਾਣ 'ਚ 150 ਤੋਂ ਵੱਧ ਯਾਤਰੀਆਂ 'ਚ ਉਸ ਵੇਲੇ ਘਬਰਾਹਟ ਫੈਲ ਗਈ ਜਦੋਂ ਅਚਾਨਕ ਇੰਜਣ 'ਚ ਖਰਾਬੀ ਕਾਰਨ ਜਹਾਜ਼ ਨੂੰ ਅਹਿਮਦਾਬਾਦ ਦੇ ਸਰਦਾਰ ਵੱਲਭਭਾਈ ਪਟੇਲ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਐਮਰਜੈਂਸੀ ਲੈਂਡਿੰਗ ਕਰਨੀ ਪਈ। ਪਾਇਲਟ ਦੇ ਸਮੇਂ ਸਿਰ ਫੈਸਲਾ ਲੈਣ ਦੇ ਕਾਰਨ, ਇੱਕ ਸੰਭਾਵੀ ਹਾਦਸਾ ਟਲ ਗਿਆ। ਸਵੇਰੇ ਸੂਰਤ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਰਵਾਨਾ ਹੋਈ ਇੰਡੀਗੋ ਉਡਾਣ 65-1507 'ਚ ਹਵਾ 'ਚ ਤਕਨੀਕੀ ਸਮੱਸਿਆ ਪੈਦਾ ਹੋ ਗਈ। ਏਅਰਲਾਈਨ ਦੇ ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਜਦੋਂ ਉਡਾਣ ਕਰ ਰਹੀ ਸੀ ਤਾਂ ਇੱਕ ਇੰਜਣ ਦੇ ਪ੍ਰਦਰਸ਼ਨ 'ਚ ਸਮੱਸਿਆ ਆਈ, ਜਿਸ ਨਾਲ ਐਮਰਜੈਂਸੀ ਪ੍ਰੋਟੋਕੋਲ ਸ਼ੁਰੂ ਹੋ ਗਿਆ। ਇੰਡੀਗੋ ਦੇ ਬੁਲਾਰੇ ਨੇ ਕਿਹਾ ਕਿ ਸਾਡੇ ਯਾਤਰੀਆਂ ਦੀ ਸੁਰੱਖਿਆ ਹਮੇਸ਼ਾ ਸਾਡੀ ਸਭ ਤੋਂ ਵੱਡੀ ਤਰਜੀਹ ਹੁੰਦੀ ਹੈ। ਪਾਇਲਟ ਨੇ ਸਾਰੀਆਂ ਮਿਆਰੀ ਸੰਚਾਲਨ ਪ੍ਰਕਿਰਿਆਵਾਂ ਦੀ ਪਾਲਣਾ ਕੀਤੀ ਅਤੇ ਜਹਾਜ਼ ਨੂੰ ਅਹਿਮਦਾਬਾਦ ਵਿੱਚ ਸੁਰੱਖਿਅਤ ਢੰਗ ਨਾਲ ਉਤਾਰਿਆ। ਯਾਤਰੀਆਂ 'ਚ ਤਕਨੀਕੀ ਖਰਾਬੀ ਦੀ ਖ਼ਬਰ ਫੈਲਣ ਨਾਲ, ਦਹਿਸ਼ਤ ਤੇ ਡਰ ਨੇ ਕੈਬਿਨ ਨੂੰ ਘੇਰ ਲਿਆ। ਕੁਝ ਯਾਤਰੀਆਂ ਨੂੰ ਪ੍ਰਾਰਥਨਾ ਕਰਦੇ ਦੇਖਿਆ ਗਿਆ, ਜਦੋਂ ਕਿ ਕੁਝ ਨੇ ਐਮਰਜੈਂਸੀ ਡਾਇਵਰਸ਼ਨ ਬਾਰੇ ਸੂਚਿਤ ਹੋਣ 'ਤੇ ਤੁਰੰਤ ਰਿਸ਼ਤੇਦਾਰਾਂ ਨੂੰ ਫ਼ੋਨ ਕੀਤਾ। ਕਾਰੋਬਾਰ ਲਈ ਦੁਬਈ ਜਾ ਰਹੇ ਇੱਕ ਯਾਤਰੀ ਰਾਕੇਸ਼ ਪਟੇਲ ਨੇ ਕਿਹਾ ਕਿ ਹਰ ਕੋਈ ਤਣਾਅ 'ਚ ਸੀ। ਚਾਲਕ ਦਲ ਵਾਰ-ਵਾਰ ਨਾ ਘਬਰਾਉਣ ਦੀ ਅਪੀਲ ਕਰ ਰਿਹਾ ਸੀ ਪਰ ਤੁਸੀਂ ਲੋਕਾਂ ਦੇ ਚਿਹਰਿਆਂ 'ਤੇ ਡਰ ਦੇਖਿਆ ਜਾ ਸਕਦਾ ਸੀ। ਜਹਾਜ਼ ਦੇ ਅਹਿਮਦਾਬਾਦ ਵਿੱਚ ਸੁਰੱਖਿਅਤ ਉਤਰਨ ਤੋਂ ਬਾਅਦ ਹੀ ਅਸੀਂ ਅੰਤ ਵਿੱਚ ਰਾਹਤ ਦਾ ਸਾਹ ਲਿਆ। ਚਸ਼ਮਦੀਦਾਂ ਨੇ ਕਿਹਾ ਕਿ ਐਮਰਜੈਂਸੀ ਸਥਿਤੀ ਦੇ ਬਾਵਜੂਦ ਲੈਂਡਿੰਗ ਸੁਚਾਰੂ ਢੰਗ ਨਾਲ ਹੋਈ ਅਤੇ ਸਾਰੇ ਯਾਤਰੀ ਸੁਰੱਖਿਅਤ ਉਤਰ ਗਏ। ਹਵਾਈ ਅੱਡੇ ਦੇ ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਕੋਈ ਸੱਟ ਜਾਂ ਜਾਨੀ ਨੁਕਸਾਨ ਨਹੀਂ ਹੋਇਆ। ਐਮਰਜੈਂਸੀ ਲੈਂਡਿੰਗ ਤੋਂ ਬਾਅਦ, ਇੰਡੀਗੋ ਦੀ ਇੰਜੀਨੀਅਰਿੰਗ ਟੀਮ ਨੇ ਤੁਰੰਤ ਇੰਜਣ ਦੀ ਖਰਾਬੀ ਦੇ ਮੂਲ ਕਾਰਨ ਦਾ ਪਤਾ ਲਗਾਉਣ ਲਈ ਜਹਾਜ਼ ਦੀ ਜਾਂਚ ਸ਼ੁਰੂ ਕਰ ਦਿੱਤੀ। ਜਦੋਂ ਕਿ ਜਾਂਚ ਚੱਲ ਰਹੀ ਹੈ, ਏਅਰਲਾਈਨ ਨੇ ਯਾਤਰੀਆਂ ਨੂੰ ਦੁਬਈ ਲਿਜਾਣ ਲਈ ਇੱਕ ਵਿਕਲਪਿਕ ਜਹਾਜ਼ ਦਾ ਪ੍ਰਬੰਧ ਕੀਤਾ।

## ਬਰਨਾਲਾ 'ਚ ਮੀਂਹ ਦਾ ਕਹਿਰ, ਸੁੱਤੇ ਪਏ ਪਰਿਵਾਰ 'ਤੇ ਡਿੱਗੀ ਛੱਤ, ਇੱਕ ਦੀ ਮੌਤ, 4 ਜ਼ਖ਼ਮੀ



**ਬਰਨਾਲਾ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਬਰਨਾਲਾ 'ਚ ਭਾਰੀ ਮੀਂਹ ਪਿੱਛੋਂ ਲਗਾਤਾਰ ਤੀਜੇ ਦਿਨ ਮੰਦਭਾਗੀ ਘਟਨਾ ਵਾਪਰੀ ਹੈ। ਜਿਥੇ ਬੀਤੇ ਦਿਨ ਵੀ ਘਰ ਦੀ ਛੱਤ ਡਿੱਗਣ ਕਾਰਨ ਇੱਕ ਮਹਿਲਾ ਦੀ ਮੌਤ ਹੋ ਗਈ ਸੀ, ਉਥੇ ਅੱਜ ਵੀ ਸੁੱਤੇ ਪਏ ਇੱਕ ਪਰਿਵਾਰ 'ਤੇ ਘਰ ਦੀ ਛੱਤ ਡਿੱਗ ਗਈ। ਹਾਦਸੇ ਵਿੱਚ ਪਰਿਵਾਰ ਦੇ ਮੁਖੀ ਦੀ ਮੌਤ ਹੋ ਗਈ ਹੈ, ਜਦਕਿ 4 ਮੈਂਬਰ ਜ਼ਖ਼ਮੀ ਹੋ ਗਏ। ਜਾਣਕਾਰੀ ਅਨੁਸਾਰ ਮ੍ਰਿਤਕ ਨੌਜਵਾਨ ਲਖਬੀਰ ਸਿੰਘ (ਉਮਰ 33) ਆਪਣੀ ਪਤਨੀ, ਦੋ ਧੀਆਂ ਅਤੇ ਇੱਕ ਪੁੱਤਰ ਨਾਲ ਘਰ ਵਿੱਚ ਸੁੱਤੇ ਹੋਏ ਸਨ, ਜਿਸ ਕਾਰਨ ਘਰ ਦੀ ਛੱਤ ਮੀਂਹ ਕਾਰਨ ਖਰਾਬ ਹੋਣ ਕਾਰਨ ਅਚਾਨਕ ਡਿੱਗ ਗਈ। ਲੋਕਾਂ ਨੇ ਪਤਾ ਲੱਗਣ 'ਤੇ ਤੁਰੰਤ ਰਾਹਤ ਕਾਰਜ ਅਰੰਭੇ, ਪਰੰਤੂ ਲਖਬੀਰ ਸਿੰਘ ਦੀ ਮੌਤ ਹੋ ਗਈ ਸੀ। ਜਦਕਿ ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਦਾਖਲ ਕਰਵਾਇਆ ਗਿਆ, ਜਿਥੋਂ ਡਾਕਟਰਾਂ ਨੇ ਪਰਿਵਾਰ ਦੇ ਜ਼ਖ਼ਮੀ ਬਾਕੀ ਚਾਰੇ ਮੈਂਬਰਾਂ ਨੂੰ ਫਰੀਦਕੋਟ ਲਈ ਰੈਫਰ ਕਰ ਦਿੱਤਾ। ਮ੍ਰਿਤਕ ਦੇ ਪਰਿਵਾਰ ਅਤੇ ਇਲਾਕਾ ਨਿਵਾਸੀਆਂ ਨੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਮ੍ਰਿਤਕ ਲਖਬੀਰ ਸਿੰਘ ਦਿਹਾੜੀਦਾਰ ਮਜ਼ਦੂਰ ਵਜੋਂ ਕੰਮ ਕਰਕੇ ਪਰਿਵਾਰ ਦਾ ਗੁਜ਼ਾਰਾ ਕਰਦਾ ਸੀ। ਮ੍ਰਿਤਕ ਲਖਬੀਰ ਸਿੰਘ ਦਾ ਘਰ ਕੱਚਾ ਸੀ। ਉਸਨੇ ਸਰਕਾਰ ਵੱਲੋਂ ਕੱਚੇ ਘਰ ਨੂੰ ਸਥਾਈ ਘਰ ਵਿੱਚ ਬਦਲਣ ਲਈ ਚਲਾਈਆਂ ਜਾ ਰਹੀਆਂ ਸਹੂਲਤਾਂ ਲਈ ਕਈ ਵਾਰ ਫਾਰਮ ਭਰੇ ਸਨ। ਪਰ ਉਸਦੇ ਕੱਚੇ ਘਰ ਲਈ ਫਾਰਮ ਵਾਰ-ਵਾਰ ਰੱਦ ਕੀਤੇ ਗਏ। ਪਰਿਵਾਰਕ ਮੈਂਬਰਾਂ ਅਤੇ ਇਲਾਕਾ ਨਿਵਾਸੀਆਂ ਦਾ ਇਲਜ਼ਾਮ ਹੈ ਕਿ ਜੇਕਰ ਇਸ ਗਰੀਬ ਪਰਿਵਾਰ ਨੂੰ ਸਮੇਂ ਸਿਰ ਨਵਾਂ ਘਰ ਮਿਲ ਜਾਂਦਾ ਤਾਂ ਅੱਜ ਇੰਨਾ ਵੱਡਾ ਹਾਦਸਾ ਨਾ ਵਾਪਰਦਾ, ਇਸ ਲਈ ਘਟਨਾ ਲਈ ਪ੍ਰਸ਼ਾਸਨ ਜ਼ਿੰਮੇਵਾਰ ਹੈ। ਮ੍ਰਿਤਕ ਦੇ ਪਰਿਵਾਰ ਨੇ ਜ਼ਖਮੀਆਂ ਦੇ ਇਲਾਜ ਦੀ ਮੰਗ ਕੀਤੀ ਹੈ। ਨਾਲ ਹੀ, ਪਰਿਵਾਰ ਦੇ ਇਕਲੌਤੇ ਕਮਾਉਣ ਵਾਲੇ ਲਖਬੀਰ ਸਿੰਘ ਦੀ ਮੌਤ ਤੋਂ ਬਾਅਦ, ਪਰਿਵਾਰ 50 ਲੱਖ ਰੁਪਏ ਦੀ ਵਿੱਤੀ ਮੁਆਵਜ਼ੇ ਦੀ ਵੀ ਮੰਗ ਕੀਤੀ ਹੈ। ਇਸ ਮੌਕੇ ਥਾਣਾ ਇੰਚਾਰਜ ਗੁਰਤੇਜ ਸਿੰਘ ਨੇ ਦੱਸਿਆ ਕਿ ਅੱਜ ਛੱਤ ਡਿੱਗਣ ਕਾਰਨ ਇੱਕ ਪਰਿਵਾਰ ਦੇ ਮੈਂਬਰ ਜ਼ਖਮੀ ਹੋ ਗਏ। ਉਨ੍ਹਾਂ ਵਿੱਚੋਂ ਇੱਕ ਦੀ ਮੌਤ ਹੋ ਗਈ ਅਤੇ ਬਾਕੀ ਜ਼ਖਮੀਆਂ ਦਾ ਇਲਾਜ ਚੱਲ ਰਿਹਾ ਹੈ।

## ਰੂਸ ਨੇ ਕੀਵ 'ਤੇ ਕੀਤਾ ਵੱਡਾ ਮਿਜ਼ਾਈਲ ਹਮਲਾ, ਤਿੰਨ ਬੱਚਿਆਂ ਸਮੇਤ 14 ਤੋਂ ਵੱਧ ਮੌਤਾਂ

**ਮਾਸਕੋ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਰੂਸ ਅਤੇ ਯੂਕਰੇਨ ਵਿਚਕਾਰ ਕਰੀਬ ਚਾਰ ਸਾਲਾਂ ਤੋਂ ਜੰਗ ਚੱਲ ਰਹੀ ਹੈ ਅਤੇ ਕੋਈ ਵੀ ਦੇਸ਼ ਪਿੱਛੇ ਹਟਣ ਲਈ ਤਿਆਰ ਨਹੀਂ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਤੋਂ ਲੈ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੱਕ ਸਾਰਿਆਂ ਨੇ ਰੂਸ-ਯੂਕਰੇਨ ਯੁੱਧ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ ਹੈ। ਹਾਲ ਹੀ ਵਿੱਚ ਅਮਰੀਕੀ ਰਾਸ਼ਟਰਪਤੀ ਟਰੰਪ ਨੇ ਅਲਾਸਕਾ ਵਿੱਚ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਮੁਲਾਕਾਤ ਕੀਤੀ ਸੀ ਅਤੇ ਉਸ ਤੋਂ ਬਾਅਦ ਉਹ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨੂੰ ਵੀ ਮਿਲੇ ਸੀ। ਹਾਲਾਂਕਿ ਦੋਵੇਂ ਮੀਟਿੰਗਾਂ ਬੇਨਤੀਜਾ ਰਹੀਆਂ ਅਤੇ ਯੁੱਧ ਨੂੰ ਖਤਮ ਕਰਨ ਲਈ ਕੋਈ ਠੋਸ ਫੈਸਲਾ ਨਹੀਂ ਲਿਆ ਜਾ ਸਕਿਆ। ਹੁਣ ਰੂਸ ਨੇ ਯੂਕਰੇਨ ਦੀ ਰਾਜਧਾਨੀ ਕੀਵ ਵਿੱਚ ਯੂਰਪੀਅਨ ਯੂਨੀਅਨ ਦੇ ਪ੍ਰਤੀਨਿਧੀ



ਮੰਡਲ ਦੀ ਇਮਾਰਤ 'ਤੇ ਹਮਲਾ ਕੀਤਾ ਹੈ। ਯੂਕਰੇਨ ਦਾ ਕਹਿਣਾ ਹੈ ਕਿ ਰੂਸ ਨੇ ਕੀਵ 'ਤੇ ਵੱਡੇ ਪੱਧਰ 'ਤੇ ਹਮਲਾ ਕੀਤਾ ਹੈ, ਜਿਸ ਵਿੱਚ ਘੱਟੋ-ਘੱਟ 14 ਲੋਕਾਂ ਦੀ ਮੌਤ ਹੋ ਗਈ ਹੈ ਅਤੇ 48 ਜ਼ਖਮੀ ਹੋ ਗਏ ਹਨ। ਯੂਕਰੇਨ ਦੇ ਵਿਦੇਸ਼ ਮੰਤਰੀ ਆਂਦਰੇਈ ਸਿਬੀਹਾ ਨੇ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ ਕਿ ਰੂਸੀ ਹਮਲੇ ਵਿੱਚ ਯੂਕਰੇਨ ਵਿੱਚ ਯੂਰਪੀਅਨ ਯੂਨੀਅਨ ਮਿਸ਼ਨ ਦੀ ਇੱਕ ਇਮਾਰਤ ਨੂੰ ਵੀ ਨੁਕਸਾਨ ਪਹੁੰਚਿਆ ਹੈ। ਰਾਸ਼ਟਰਪਤੀ ਜ਼ੇਲੇਂਸਕੀ ਨੇ ਕਿਹਾ ਕਿ ਕੀਵ 'ਤੇ ਰੂਸੀ ਹਮਲੇ ਵਿੱਚ 14 ਲੋਕ ਮਾਰੇ ਗਏ , ਜਿਨ੍ਹਾਂ ਵਿੱਚ ਤਿੰਨ ਬੱਚੇ ਵੀ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਯੂਰਪੀਅਨ ਯੂਨੀਅਨ ਦੀ ਇਮਾਰਤ ਸਮੇਤ ਕਈ ਸੇਵਾਵਾਂ ਨੂੰ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਕਿਹਾ 'ਇਸ ਰੂਸੀ ਹਮਲੇ ਦੀ ਸਿਰਫ਼ ਯੂਰਪੀਅਨ ਯੂਨੀਅਨ ਵੱਲੋਂ ਹੀ ਨਹੀਂ, ਸਗੋਂ ਦੁਨੀਆ ਭਰ ਵਿੱਚ ਨਿੰਦਾ ਦੀ ਲੋੜ ਹੈ। ਯੂਕਰੇਨ ਵਿੱਚ ਯੂਰਪੀਅਨ ਯੂਨੀਅਨ ਦੇ ਪ੍ਰਧਾਨ ਐਂਟੋਨੀਓ ਕੋਸਟਾ ਨੇ ਵੀ ਇਸ ਹਮਲੇ ਦੀ ਪੁਸ਼ਟੀ ਕੀਤੀ ਹੈ। ਹਮਲੇ ਵਿੱਚ ਨੁਕਸਾਨੀ ਗਈ ਇਮਾਰਤ ਦੀ ਫੋਟੋ ਸਾਂਝੀ ਕਰਦੇ ਹੋਏ ਉਨ੍ਹਾਂ ਨੇ ਐਕਸ 'ਤੇ ਲਿਖਿਆ, 'ਮੈਂ ਯੂਕਰੇਨ 'ਤੇ ਘਾਤਕ ਰੂਸੀ ਮਿਜ਼ਾਈਲ ਹਮਲੇ ਵਾਲੀ ਰਾਤ ਤੋਂ ਡਰਿਆ ਹੋਇਆ ਹਾਂ।' ਉਨ੍ਹਾਂ ਕਿਹਾ ਕਿ ਰੂਸ ਯੁੱਧ ਖਤਮ ਕਰਨ ਦਾ ਵਿਕਲਪ ਨਹੀਂ ਚੁਣ ਰਿਹਾ ਹੈ, ਸਗੋਂ ਨਵੇਂ ਹਮਲੇ ਕਰ ਰਿਹਾ ਹੈ। ਕੀਵ ਵਿੱਚ ਰਾਤੋ-ਰਾਤ ਦਰਜਨਾਂ ਇਮਾਰਤਾਂ ਨੂੰ ਨੁਕਸਾਨ ਪਹੁੰਚਿਆ, ਰਿਹਾਇਸ਼ੀ ਖੇਤਰਾਂ, ਦਫਤਰ ਕੇਂਦਰਾਂ ਨੂੰ ਨੁਕਸਾਨ ਪਹੁੰਚਿਆ ਹੈ। ਇਨ੍ਹਾਂ ਵਿੱਚ ਉਹ ਇਮਾਰਤ ਵੀ ਸ਼ਾਮਲ ਹੈ, ਜਿੱਥੇ ਯੂਕਰੇਨ ਵਿੱਚ ਯੂਰਪੀਅਨ ਯੂਨੀਅਨ ਦਾ ਪ੍ਰਤੀਨਿਧੀ ਮੰਡਲ ਸਥਿਤ ਹੈ। ਹੁਣ ਇਹ ਜ਼ਰੂਰੀ ਹੈ ਕਿ ਦੁਨੀਆ ਸਖ਼ਤ ਜਵਾਬ ਦੇਵੇ। ਰੂਸ ਨੂੰ ਇਸ ਯੁੱਧ ਨੂੰ ਰੋਕਣਾ ਪਵੇਗਾ, ਜੋ ਇਸਨੇ ਸ਼ੁਰੂ ਕੀਤਾ ਸੀ ਅਤੇ ਜਾਰੀ ਹੈ। ਜ਼ੇਲੇਂਸਕੀ ਨੇ ਕਿਹਾ ਕਿ ਜੰਗਬੰਦੀ ਤੋਂ ਇਨਕਾਰ ਕਰਨ ਅਤੇ ਗੱਲਬਾਤ ਤੋਂ ਬਚਣ ਦੀਆਂ ਰੂਸ ਦੀਆਂ ਲਗਾਤਾਰ ਕੋਸ਼ਿਸ਼ਾਂ ਲਈ ਨਵੀਆਂ ਅਤੇ ਸਖ਼ਤ ਪਾਬੰਦੀਆਂ ਦੀ ਲੋੜ ਹੈ। ਸਿਰਫ਼ ਇਹੀ ਪ੍ਰਭਾਵਸ਼ਾਲੀ ਹੋ ਸਕਦਾ ਹੈ। ਰੂਸ ਸਿਰਫ਼ ਸ਼ਕਤੀ ਅਤੇ ਦਬਾਅ ਨੂੰ ਸਮਝਦਾ ਹੈ। ਹਰ ਹਮਲੇ ਲਈ ਮਾਸਕੋ ਨੂੰ ਨਤੀਜੇ ਭੁਗਤਣੇ ਪੈਣਗੇ।

## ਸ਼੍ਰੋਮਣੀ ਕਮੇਟੀ ਨੇ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਲਈ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਯਨਾਥ ਨੂੰ ਦਿੱਤਾ ਸੱਦਾ



**ਲਖਨਊ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਵਿੱਚ ਸ਼ਮੂਲੀਅਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਯਨਾਥ ਨੂੰ ਸੱਦਾ-ਪੱਤਰ ਦਿੱਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਬੀਤੇ ਕੱਲ੍ਹ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ ਦੀ ਅਗਵਾਈ ਵਿਚ ਇੱਕ ਵਫਦ ਨੇ ਮੁੱਖ ਮੰਤਰੀ ਅਦਿੱਤਯ ਨਾਥ ਯੋਗੀ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਸ਼ਤਾਬਦੀ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪੱਤਰ ਸੌਂਪਿਆ ਗਿਆ। ਇਸ ਦੇ ਨਾਲ ਹੀ ਵਫ਼ਦ ਨੇ ਮੁੱਖ ਮੰਤਰੀ ਨੂੰ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਸਾਮ ਤੋਂ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਬਾਰੇ ਜਾਣੂ ਕਰਵਾਇਆ, ਜੋ ਭਾਰਤ ਦੇ ਹੋਰ ਸੂਬਿਆਂ ਸਮੇਤ ਉੱਤਰ ਪ੍ਰਦੇਸ਼ ਤੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ। ਮੁੱਖ ਮੰਤਰੀ ਨਾਲ ਮੁਲਾਕਾਤ ਕਰਨ ਵਾਲੇ ਵਫ਼ਦ ਵਿਚ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਉੱਤਰ ਪ੍ਰਦੇਸ਼ ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਬ੍ਰਿਜਪਾਲ ਸਿੰਘ, ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਯਹਿਆਗੰਜ ਲਖਨਊ ਦੇ ਪ੍ਰਧਾਨ ਡਾ. ਗੁਰਮੀਤ ਸਿੰਘ ਤੇ ਉੱਤਰ ਪ੍ਰਦੇਸ਼ ਘੱਟਗਿਣਤੀ ਕਮਿਸ਼ਨ ਦੇ ਮੈਂਬਰ ਪਰਵਿੰਦਰ ਸਿੰਘ ਸ਼ਾਮਲ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਅਜੈਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਨਵੰਬਰ ਵਿਚ ਹੋ ਰਹੇ ਸਮਾਗਮਾਂ ਵਿਚ ਸਮੂਲੀਅਤ ਲਈ ਦੇਸ਼ ਭਰ ਦੀਆਂ ਪ੍ਰਮੁੱਖ ਸਖਸ਼ੀਅਤਾਂ ਨੂੰ ਸਦਾ ਪੱਤਰ ਦਿੱਤੇ ਜਾ ਰਹੇ ਹਨ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।



★ ਸੰਪਰਕ ★

ਭਾਈ ਰਘਵੀਰ ਸਿੰਘ
+44 7976 210161


CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE


SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ ਕੌਮ
AWAZE QAUM
International Newspaper & WEB TV













**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Night Pharmacy
Ladlee Direct
Sanjay Foods
Mirch Masala
HSBC
Ross Walk Launderette
Shiva Shakti Foods
Chai Paani
Cossington Recreation ground
Roopkala Beauty Salon
Heena Tailor
Hyderabad Wala - Leicester
Belgrave Neighbourhood Centre
Belgrave Health Centre
Health Centre Car Park
Milans
Brandon Street Surgery
Shiv Sagar Veg
Punjabi Tarka
Shivalaya The Leicestershire Brahma...
0784 107 9416
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

## ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨਿ ਕੋਟਿ ਧੰਨਵਾਦ

# ਸ਼ੁਕਰਾਨੇ ਦੀ ਅਰਦਾਸ

**ਸਨਿੱਚਰਵਾਰ 30 ਅਗਸਤ 2025 ਸ਼ਾਮ 3 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪੰਰਤ 5 ਵਜੇ ਤੱਕ ਦੀਵਾਨ ਸੱਜਣਗੇ**

ਸਰਦਾਰ ਜਤਿੰਦਰ ਸਿੰਘ ਮੰਡ ਦੇ ਘਰ ਪੁੱਤਰ ਕਾਕਾ ਫ਼ਤਹਿ ਫੁਰਮਾਨ ਸਿੰਘ ਦੀ ਦਾਤ ਪ੍ਰਾਪਤ ਹੋਈ। ਸਮੂੰਹ ਮੰਡ ਪਰਿਵਾਰ ਦਾਦਾ ਅਤੇ ਦਾਦੀ ਵੱਲੋਂ ਰਿਸ਼ਤੇਦਾਰ ਸਾਕ ਸਬੰਧੀ ਯਾਰਾਂ ਦੋਸਤਾਂ ਨੂੰ ਬੇਨਤੀ ਹੈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

--✶ ਗੁਰੂ ਪੰਥ ਦੇ ਸੇਵਾਦਾਰ ✶--

# ਸਮੂਹ ਮੰਡ ਪਰਿਵਾਰ

## ਅਤੇ ਸਾਕ-ਸਬੰਧੀ


ਠੀਕਰਿ ਫੋਰਿ ਦਿਲੀਸ ਸਿਰਿ ਪ੍ਰਭੁ ਪੁਰ ਕੀਯਾ ਪਿਯਾਨ ॥
ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ ॥
ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਸਤੀ ਰਾਮ ਜੀ,
ਸ਼ਹੀਦ ਭਾਈ ਦਿਆਲਾ ਜੀ, ਲੱਖੀ ਸ਼ਾਹ ਵਣਜਾਰਾ ਤੇ
ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਦਿਆਂ
ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਮੂਹ ਖਾਲਸਾ ਪੰਥ ਦੇ ਸਹਿਯੋਗ ਨਾਲ
ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਵਿਸ਼ਾਲ ਨਗਰ ਕੀਰਤਨ
ਸਜਾਏ ਜਾ ਰਹੇ ਹਨ। ਨਗਰ ਕੀਰਤਨ ਆਪ ਜੀ ਦੇ ਨਗਰ ਵਿੱਚ ਪਹੁੰਚ ਰਿਹਾ ਹੈ, ਸਮੂਹ ਨਗਰ ਨਿਵਾਸੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਾਸਤੇ ਇੱਕ ਜਗਾ ਤੇ ਇਕੱਠੇ ਹੋ ਕੇ ਦਰਸ਼ਨ ਦੀਦਾਰੇ ਕਰੀਏ ਅਤੇ ਆਪੋ-ਆਪਣੀਆਂ ਗੱਡੀਆਂ, ਮੋਟਰਸਾਈਕਲਾਂ 'ਤੇ ਸੰਗਤਾਂ ਨੂੰ ਨਾਲ ਲੈ ਕੇ ਨਗਰ ਕੀਰਤਨ ਵਿੱਚ ਸ਼ਾਮਲ ਹੋ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।
29/08/2025 ਦਿਨ ਸ਼ੁੱਕਰਵਾਰ ਆਰੰਭ:- ਭੂਰਾ ਕੋਹਨਾ, ਭੂਰਾ ਕਰੀਮਪੁਰਾ, ਮਨਾਵਾਂ, ਨੂਰਵਾਲਾ, ਕਾਲੀਆ, ਸਕੱਤਰਾਂ, ਦੂਹਲ, ਕਲੰਜਰ, ਚੀਮਾਂ, ਅਮਰਕੋਟ, ਮਹਿਮੂਦਪੁਰਾ, ਲਾਖਣਾ, ਰਾਜਕੇ, ਵਾਂ ਬਾਬਾ ਤਾਰਾ ਸਿੰਘ, ਮੱਦਰ, ਚੱਕ ਬਾਂਹਬਾ, ਹੁੰਦਲ, ਬਾਸਰਕੇ, ਭੈਣੀ ਮੱਸਾ ਸਿੰਘ, ਅਲਗੋਂ ਖੁਰਦ, ਚੂੰਘ, ਮਾੜੀ ਬੋਹੜ ਵਾਲੀ, ਮਾੜੀ ਗੌੜ ਸਿੰਘ, ਮਾੜੀ ਸਮਰਾ, ਭਿੱਖੀਵਿੰਡ, ਪਹੂਵਿੰਡ ਸਾਹਿਬ (ਮੋ:- 98155-16376)


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥
ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰਬਰ
98141-27470
84278-66404
73408-35137

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mentioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
## ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਨ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਉ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਂਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜ਼ੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

**ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।**

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| RAGHBIR SINGH | PARAMJIT SHERGILL | INDERJIT KAUR | KULWINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL +44 7458 381111, +44 7976 210161)

PARAMJIT SHERGILL
+44 7858 198159

INDERJIT KAUR
+44 7883 635835

KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK

# ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

## 1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV

ਭਾਰੀ ਬਾਰਿਸ਼ ਕਾਰਨ ਨੁਕਸਾਨੀਆਂ ਫਸਲਾਂ ਅਤੇ ਡਿੱਗੇ ਘਰਾਂ ਦਾ

# ਸੂਬਾ ਸਰਕਾਰ ਦੇਵੇ ਮੁਆਵਜਾ- ਜ਼ਿਲ੍ਹਾ ਆਗੂ ਭਾਕਿਯੂ ਉਗਰਾਹਾਂ





**ਤਲਵੰਡੀ ਸਾਬੋ, 28 ਅਗਸਤ (ਗੁਰਜੰਟ ਸਿੰਘ ਨਥੇਹਾ)**- ਲਗਾਤਾਰ ਭਾਰੀ ਮੀਂਹ ਕਾਰਨ ਪੂਰੇ ਪੰਜਾਬ ਵਿਚ ਹੜਾਂ ਨੇ ਤਬਾਹੀ ਮਚਾਈ ਹੋਈ ਹੈ। ਫਸਲਾਂ, ਪਸ਼ੂਆਂ ਤੇ ਘਰਾਂ ਦੇ ਡਿੱਗਣ ਕਾਰਨ ਵੱਡੀ ਪੱਧਰ 'ਤੇ ਨੁਕਸਾਨ ਹੋਇਆ ਹੈ। ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਮਲਕਾਣਾ ਪਿੰਡ ਵਿੱਚ ਕਿਸਾਨਾਂ ਨੂੰ ਮਿਲੇ। ਇਸ ਸਮੇਂ ਕਿਸਾਨਾਂ ਵੱਲੋਂ ਭਾਰੀ ਮੀਂਹ ਤੇ ਝੱਖੜ ਕਾਰਨ ਨਰਮੇ ਦੀ ਫਸਲ ਦੇ ਹੋਏ ਨੁਕਸਾਨ ਬਾਰੇ ਜਾਣਕਾਰੀ ਦਿੱਤੀ। ਜ਼ਿਲ੍ਹਾ ਆਗੂ ਨੇ ਦੱਸਿਆ ਕਿ ਨਰਮੇ, ਗੁਆਰੇ ਦੀ ਫਸਲ ਦਾ ਮੀਂਹ ਤੇ ਝੱਖੜ ਕਾਰਨ ਵੱਡਾ ਨੁਕਸਾਨ ਹੋਇਆ ਹੈ। ਨਰਮੇਂ ਦੀ ਫਸਲ ਪਿਛਲੇ ਕਈ ਸਾਲਾਂ ਤੋਂ ਗੁਲਾਬੀ ਸੁੰਡੀ ਕਾਰਨ ਖਰਾਬ ਹੋ ਰਹੀ ਹੈ, ਇਸ ਸਾਲ ਕਿਸਾਨਾਂ ਵੱਲੋਂ ਬਠਿੰਡਾ ਮਾਨਸਾ ਵਿੱਚ ਬਿਜਾਈ ਦਾ ਖੇਤਰ ਵਧਾਇਆ ਸੀ ਪਰ ਹੁਣ ਫਸਲ ਵੱਡੀ ਪੱਧਰ 'ਤੇ ਨੁਕਸਾਨੀ ਗਈ ਹੈ। ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਨਰਮੇ, ਗੁਆਰੇ ਤੇ ਹੋਰ ਨੁਕਸਾਨੀਆਂ ਫਸਲਾਂ ਦੀ ਗਿਰਦਾਵਰੀ ਕੀਤੀ ਜਾਵੇ ਅਤੇ ਨੁਕਸਾਨ ਦੀ ਪੂਰੀ ਭਰਪਾਈ ਕੀਤੀ ਜਾਵੇ। ਘਰਾਂ ਤੇ ਪਸ਼ੂਆਂ ਦਾ ਜੋ ਨੁਕਸਾਨ ਹੋਇਆ ਹੈ ਉਸ ਦਾ ਪੂਰਾ ਮੁਆਵਜਾ ਦਿੱਤਾ ਜਾਵੇ।

ਦਿੱਲੀ ਗੁਰਦੁਆਰਾ ਕਮੇਟੀ ਨੇ ਪੰਜਾਬ 'ਚ

# ਹੜ੍ਹ ਪੀੜ੍ਹਤਾਂ ਵਾਸਤੇ ਭੇਜੀ ਰਾਹਤ ਸਮੱਗਰੀ: ਕਾਲਕਾ, ਕਾਹਲੋਂ




**ਨਵੀਂ ਦਿੱਲੀ, 28 ਅਗਸਤ (ਮਨਪ੍ਰੀਤ ਸਿੰਘ ਖਾਲਸਾ)**: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਾਬ ਵਿਚ ਹੜ੍ਹ ਪੀੜ੍ਹਤਾਂ ਵਾਸਤੇ ਤੁਰੰਤ ਰਾਹਤ ਸਮੱਗਰੀ ਦਾ ਟਰੱਕ ਰਵਾਨਾ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਬੀਤੇ ਕੱਲ੍ਹ ਇਕ ਟਰੱਕ ਭੇਜਿਆ ਗਿਆ ਸੀ ਤੇ ਅੱਜ ਦੂਜਾ ਟਰੱਕ ਭੇਜਿਆ ਗਿਆ ਹੈ।

ਉਹਨਾਂ ਦੱਸਿਆ ਕਿ ਇਸ ਰਸਦ ਦੇ ਨਾਲ ਅਸੀਂ ਲਾਂਗਰੀ ਤੇ ਹੋਰ ਸਟਾਫ ਵੀ ਭੇਜਿਆ ਹੈ ਤੇ ਪੰਜਾਬ ਵਿਚ ਹੜ੍ਹ ਪੀੜ੍ਹਤਾਂ ਵਾਸਤੇ ਕੈਂਪ ਸਥਾਪਿਤ ਕਰ ਕੇ ਲੰਗਰ ਸੇਵਾ ਆਰੰਭ ਕਰ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਜਦੋਂ ਤੱਕ ਹੜ੍ਹਾਂ ਤੋਂ ਰਾਹਤ ਨਹੀਂ ਮਿਲ ਜਾਂਦੀ, ਇਹ ਸੇਵਾ ਜਾਰੀ ਰਹੇਗੀ। ਉਹਨਾਂ ਨੇ ਦਿੱਲੀ ਦੀ ਸੰਗਤ ਨੂੰ ਅਪੀਲ ਕੀਤੀ ਕਿ ਉਹ ਦਿੱਲੀ ਗੁਰਦੁਆਰਾ ਕਮੇਟੀ ਦੇ ਅਧੀਨ ਗੁਰੂ ਘਰਾਂ ਗੁਰਦੁਆਰਾ ਬੰਗਲਾ ਸਾਹਿਬ, ਗੁਰਦੁਆਰਾ ਨਾਨਕ ਪਿਆਊ ਤੇ ਹੋਰ ਗੁਰੂ ਘਰਾਂ ਵਿਚ ਸੁੱਕੇ ਰਾਸ਼ਨ ਦੀ ਸੇਵਾ ਕਰ ਸਕਦੇ ਹਨ। ਉਹਨਾਂ ਕਿਹਾ ਕਿ ਜਿਹੜੀ ਸੰਗਤ ਨਗਦ ਰਾਸ਼ੀ ਦੇਣਾ ਚਾਹੁੰਦੀ ਹੈ, ਉਹ ਕਮੇਟੀ ਦੇ ਖ਼ਾਤਿਆਂ ਵਿਚ ਜਾਂ ਗੁਰੂ ਘਰਾਂ ਵਿਚ ਨਗਦ ਰਾਸ਼ੀ ਦੇ ਕੇ ਰਸੀਦਾਂ ਪ੍ਰਾਪਤ ਕਰ ਕੇ ਸੇਵਾ ਕਰ ਸਕਦੀ ਹੈ। ਉਹਨਾਂ ਦੱਸਿਆ ਕਿ ਹੜ੍ਹ ਪੀੜ੍ਹਤਾਂ ਨੂੰ ਫੌਰੀ ਰਾਹਤ ਦੀ ਜ਼ਰੂਰਤ ਸੀ ਜਿਸ ਬਾਰੇ ਸਾਡੀਆਂ ਟੀਮਾਂ ਨੇ ਸੂਚਿਤ ਕੀਤਾ ਸੀ, ਇਸ ਉਪਰੰਤ ਅਸੀਂ ਤੁਰੰਤ ਟੀਮਾਂ ਰਵਾਨਾਂ ਕੀਤੀਆਂ ਹਨ। ਉਹਨਾਂ ਕਿਹਾ ਕਿ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਇਹ ਮੁੱਢਲੀ ਜ਼ਿੰਮੇਵਾਰੀ ਬਣਦੀ ਸੀ ਜੋ ਜ਼ਿੰਮੇਵਾਰੀ ਨਹੀਂ ਨਿਭਾ ਸਕੀ। ਉਹਨਾਂ ਕਿਹਾ ਕਿ ਅਸੀਂ ਜ਼ਿੰਮੇਵਾਰੀ ਨਿਭਾਉਣ ਵਾਸਤੇ ਸਰਗਰਮੀ ਨਾਲ ਕੰਮ ਕਰ ਰਹੇ ਹਾਂ ਅਤੇ ਜਿਥੇ ਕਿਤੇ ਵੀ ਜ਼ਰੂਰਤ ਪਵੇਗੀ, ਅਸੀਂ ਆਪਣੀਆਂ ਟੀਮਾਂ ਜ਼ਰੂਰ ਭੇਜਾਂਗੇ।

# ਜ਼ੀਰਾ ਦੇ ਤਹਿਸੀਲਦਾਰ ਸਤਵਿੰਦਰ ਸਿੰਘ ਬਣੇ ਹੜ੍ਹ-ਪ੍ਰਭਾਵਿਤਾਂ ਲਈ ਮਸੀਹਾ



**ਜ਼ੀਰਾ/ਫ਼ਿਰੋਜ਼ਪੁਰ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਫ਼ਿਰੋਜ਼ਪੁਰ ਜ਼ਿਲ੍ਹੇ ਦੇ ਕਈ ਪਿੰਡ ਹੜ੍ਹਾਂ ਕਾਰਨ ਬੁਰੀ ਤਰ੍ਹਾਂ ਪ੍ਰਭਾਵਿਤ ਹਨ। ਦਰਿਆਵਾਂ ਤੇ ਨਹਿਰਾਂ ਦੇ ਉਫ਼ਾਨ ਨਾਲ ਸੈਂਕੜਿਆਂ ਘਰਾਂ ਵਿੱਚ ਪਾਣੀ ਦਾਖ਼ਲ ਹੋ ਗਿਆ ਹੈ, ਜਿੱਥੇ ਲੋਕ ਆਪਣੇ ਘਰ-ਵਿਹੜਿਆਂ ਨੂੰ ਛੱਡ ਕੇ ਸੁਰੱਖਿਅਤ ਥਾਵਾਂ ਦੀ ਖੋਜ ਵਿੱਚ ਹਨ।

ਇਸ ਗੰਭੀਰ ਸਥਿਤੀ ਵਿੱਚ ਜ਼ੀਰਾ ਦੇ ਤਹਿਸੀਲਦਾਰ ਸਤਵਿੰਦਰ ਸਿੰਘ ਖੁਦ ਮੈਦਾਨ ਵਿੱਚ ਉਤਰ ਕੇ ਲੋਕਾਂ ਲਈ ਮਸੀਹਾ ਬਣੇ। ਉਨ੍ਹਾਂ ਨੇ ਆਪਣੀ ਟੀਮ ਨਾਲ ਮਿਲ ਕੇ ਬਜ਼ੁਰਗਾਂ ਅਤੇ ਬੱਚਿਆਂ ਨੂੰ ਹੜ੍ਹ ਦੇ ਪਾਣੀਆਂ ਵਿਚੋਂ ਕੱਢ ਕੇ ਸੁਰੱਖਿਅਤ ਥਾਵਾਂ ਤੱਕ ਪਹੁੰਚਾਇਆ। ਸਥਾਨਕ ਲੋਕਾਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਕਈ ਹਿੱਸਿਆਂ ਵਿੱਚ ਖੇਤ ਖਾਲੀ ਹੋ ਗਏ ਹਨ, ਘਰਾਂ ਵਿੱਚ ਪਾਣੀ ਖੜ੍ਹਾ ਹੈ ਅਤੇ ਪਸ਼ੂ-ਪਾਲਣ ਵਾਲੇ ਸਭ ਤੋਂ ਵੱਧ ਹਾਨੀ ਝੱਲ ਰਹੇ ਹਨ। ਇੱਕ ਪੀੜਤ ਪਰਿਵਾਰ ਦੇ ਮੈਂਬਰ ਨੇ ਕਿਹਾ ਜਦੋਂ ਸਰਕਾਰੀ ਅਧਿਕਾਰੀ ਖੁਦ ਜਾਨ ਜੋਖ਼ਮ ਵਿੱਚ ਪਾ ਕੇ ਸਾਡੀ ਸਹਾਇਤਾ ਲਈ ਅੱਗੇ ਆਉਂਦੇ ਹਨ, ਤਾਂ ਸਾਨੂੰ ਲੱਗਦਾ ਹੈ ਕਿ ਅਸੀਂ ਇਕੱਲੇ ਨਹੀਂ ਹਾਂ। ਫ਼ਿਰੋਜ਼ਪੁਰ ਦੇ ਹੜ੍ਹ-ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਕਾਰਜ ਜਾਰੀ ਹਨ। 2,000 ਤੋਂ ਵੱਧ ਲੋਕਾਂ ਨੂੰ ਰਾਹਤ ਸੈਂਟਰਾਂ ਵਿੱਚ ਸ਼ਿਫਟ ਕੀਤਾ ਗਿਆ ਹੈ ਅਤੇ 12 ਰਾਹਤ ਕੈਂਪ ਕਾਇਮ ਕੀਤੇ ਗਏ ਹਨ। ਲੋਕਾਂ ਦਾ ਕਹਿਣਾ ਹੈ ਕਿ ਸਰਕਾਰੀ ਮਦਦ ਤੋਂ ਵੱਧ ਉਹਨਾਂ ਨੂੰ ਮਨੋਬਲ ਮਿਲਦਾ ਹੈ ਜਦੋਂ ਅਧਿਕਾਰੀ ਸਿੱਧੇ ਮੈਦਾਨ ਵਿੱਚ ਉਤਰ ਕੇ ਮਨੁੱਖਤਾ ਦੀ ਸੇਵਾ ਕਰਦੇ ਹਨ।

# ਪੰਜਾਬ ਦੇ ਹੜ੍ਹ ਬੀ.ਬੀ.ਐਮ.ਬੀ ਤੇ ਸੂਬਾ ਸਰਕਾਰ ਦੀ ਲਾਪਰਵਾਹੀ ਦੀ ਦੇਣ : ਸਰਨਾ

ਨਵੀਂ ਦਿੱਲੀ 28 ਅਗਸਤ (ਮਨਪ੍ਰੀਤ ਸਿੰਘ ਖਾਲਸਾ):-ਪੰਜਾਬ ਵਿੱਚ ਜੋ ਇਸ ਵੇਲੇ ਹੜ੍ਹ ਆਏ ਹੋਏ ਹਨ। ਪਹਿਲੀ ਗੱਲ ਤੇ ਇਹ ਕੁਦਰਤੀ ਆਫ਼ਤ ਘੱਟ ਸਗੋਂ ਪੰਜਾਬ ਸਰਕਾਰ ਅਤੇ ਬੀ.ਬੀ.ਐਮ.ਬੀ ਦੇ ਮਾੜੇ ਪ੍ਰਬੰਧਾਂ ਦੀ ਦੇਣ ਹਨ । ਜਦੋਂ ਮੌਸਮ ਵਿਭਾਗ ਵੱਲੋਂ ਲਗਾਤਾਰ ਭਾਰੀ ਮੀਂਹ ਪੈਣ ਦੀਆਂ ਅਗਾਊ ਪੇਸ਼ਨਗੋਈਆਂ ਕੀਤੀਆਂ ਜਾ ਰਹੀਆਂ ਸਨ । ਤਾਂ ਸੂਬਾ ਸਰਕਾਰ ਤੇ ਪੰਜਾਬ ਦੇ ਦਰਿਆਵਾਂ ਤੇ ਡੈਮਾਂ ਨੂੰ ਕੰਟਰੋਲ ਕਰਦੀ ਬੀ.ਬੀ.ਐਮ.ਬੀ ਅਵੇਸਲੇ ਕਿਉ ਰਹੇ ?



ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਜਾਰੀ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਇਹ ਹੜ੍ਹ ਪੰਜਾਬ ਸਿਰ ਮਾੜੀ ਨੀਅਤ ਅਤੇ ਮਾੜੇ ਪ੍ਰਬੰਧਾਂ ਕਾਰਨ ਪਾਏ ਗਏ ਹਨ । ਪਰ ਪੰਜਾਬ ਦੇ ਬਹਾਦਰ ਲੋਕ ਜਿੰਨਾ ਨੂੰ ਨਾ ਹਾਲੇ ਤੱਕ ਪੰਜਾਬ ਸਰਕਾਰ ਵੱਲੋਂ ਤੇ ਨਾ ਹੀ ਕੇਂਦਰ ਸਰਕਾਰ ਵੱਲੋਂ ਕੋਈ ਸਹਾਇਤਾ ਮਿਲੀ ਹੈ । ਉਹ ਆਪਣੇ ਸਿਰ ਤੇ ਇਹਨਾਂ ਹੜ੍ਹਾਂ ਨਾਲ ਨਜਿੱਠ ਰਹੇ ਹਨ । ਸ਼੍ਰੋਮਣੀ ਅਕਾਲੀ ਦਲ ਕਿਉਂਕਿ ਪੰਜਾਬ ਦੇ ਲੋਕਾਂ ਦੀ ਆਪਣੀ ਨੁਮਾਇੰਦਾ ਪਾਰਟੀ ਹੈ। ਇਸ ਲਈ ਸ਼੍ਰੋਮਣੀ ਅਕਾਲੀ ਦਲ ਹਰ ਵੇਲੇ ਪੰਜਾਬ ਤੇ ਪੰਜਾਬੀਆਂ ਲਈ ਅੱਗੇ ਹੋ ਕੇ ਖੜ੍ਹਿਆ ਹੈ ਤੇ ਹੁਣ ਵੀ ਪਾਰਟੀ ਦੇ ਪ੍ਰਧਾਨ ਸ.ਸੁਖਬੀਰ ਸਿੰਘ ਬਾਦਲ ਵੱਲੋਂ ਜੋ ਪਾਰਟੀ ਦੇ ਤੈਅ ਸ਼ੁਦਾ ਸਿਆਸੀ ਪ੍ਰੋਗਰਾਮਾਂ ਨੂੰ ਰੱਦ ਕਰਦੇ ਹੋਏ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਦੀ ਮੱਦਦ ਕਰਨ ਲਈ ਪਾਰਟੀ ਵਰਕਰਾਂ ਨੂੰ ਕਿਹਾ ਹੈ ਤੇ ਆਪ ਵੀ ਜਾ ਰਹੇ ਹਨ । ਉਹ ਪਾਰਟੀ ਦੀਆਂ ਰਵਾਇਤਾਂ ਦੀ ਪਹਿਰੇਦਾਰੀ ਹੈ । ਅੰਤ ਵਿਚ ਉਨ੍ਹਾਂ ਕਿਹਾ ਕਿ ਮੈਂ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਦਿੱਲੀ ਇਕਾਈ ਦੇ ਵਰਕਰਾਂ ਨੂੰ ਵੀ ਅਪੀਲ ਕਰਦਾ ਹਾਂ ਕਿ ਉਹ ਆਪਣਾ ਫਰਜ ਸਮਝਦੇ ਹੋਏ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਲੋਕਾਂ ਦੀ ਮੱਦਦ ਲਈ ਅੱਗੇ ਆਉਣ ਤੇ ਆਪਣੀ ਮਨੁੱਖਤਾ ਪੱਖੀ ਜ਼ਿੰਮੇਵਾਰੀ ਨਿਭਾਉਣ ।

# ਕੇਂਦਰ ਵੱਲੋਂ ਰਾਸ਼ਨ ਕਾਰਡ ਕੱਟਣ ਦਾ ਫੈਸਲਾ ਗਰੀਬਾਂ ਦਾ ਹੱਕ ਖੋਹਣਾ : ਸਰਪੰਚ ਉਸਮਾ, ਸਰਪੰਚ ਗਾਂਧੀ, ਪ੍ਰਧਾਨ ਕੁਹਾਟਵਿੰਡ, ਪ੍ਰਧਾਨ ਉਦੋ ਨੰਗਲ



**ਚੌਕ ਮਹਿਤਾ, 28 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਰਪੰਚ ਲਖਵਿੰਦਰ ਸਿੰਘ ਉਸਮਾ, ਸਰਪੰਚ ਅਜੈ ਗਾਂਧੀ ਚੌਕ ਮਹਿਤਾ,ਪਰਧਾਨ ਗੁਰਜਿੰਦਰ ਸਿੰਘ ਕੁਹਾਟਵਿੰਡ, ਪ੍ਰਧਾਨ ਜਰਮਨ ਸਿੰਘ ਉਦੋਂ ਨੰਗਲ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ 10 ਲੱਖ ਤੋਂ ਵੱਧ ਪੰਜਾਬੀਆਂ ਦੇ ਰਾਸ਼ਨ ਕਾਰਡ ਰੱਦ ਕਰਨ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ, ਜਿਸ ਨਾਲ ਸੂਬੇ ਦੇ ਲਾਭਪਾਤਰੀ ਪਰਿਵਾਰਾਂ ਨੂੰ ਬਹੁਤ ਵੱਡਾ ਝਟਕਾ ਲੱਗਣ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਫੈਸਲਾ ਨਾ ਸਿਰਫ ਪੰਜਾਬੀਆਂ ਨਾਲ ਅਨਿਆਂ ਹੈ, ਸਗੋਂ ਗਰੀਬੀ ਨਾਲ ਜੂਝ ਰਹੇ ਲੋਕਾਂ ਦੀ ਰੋਟੀ ਖੋਹਣ ਵਾਲਾ ਹੈ। ਉਨ੍ਹਾਂ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਤਰਕ ਦਿੱਤਾ ਜਾ ਰਿਹਾ ਹੈ ਕਿ ਜਿਹੜੇ ਪਰਿਵਾਰਾਂ ਦੇ ਕਾਰਡ ਕੱਟਣੇ ਹਨ, ਉਨ੍ਹਾਂ ਕੋਲ ਕਾਰਾਂ ਜਾਂ ਜ਼ਮੀਨਾਂ ਹਨ ਪਰ ਸੱਚਾਈ ਇਹ ਹੈ ਕਿ ਬਹੁਤ ਸਾਰੇ ਪਰਿਵਾਰਾਂ ਨੇ ਇਹ ਜਾਇਦਾਦ ਕਈ ਸਾਲ ਪਹਿਲਾਂ ਲਈ ਹੋਈ ਹੈ ਪਰ ਅੱਜ ਉਹ ਮਹਿੰਗਾਈ ਅਤੇ ਆਮਦਨ ਦੀ ਘਾਟ ਕਾਰਨ ਮੁਸ਼ਕਿਲਾਂ 'ਚ ਜੀਅ ਰਹੇ ਹਨ । ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਇਸ ਫੈਸਲੇ ਦੀ ਸਖਤ ਨਿੰਦਾ ਕਰਦੇ ਹੋਏ ਕਿਹਾ ਕਿ ਜੇਕਰ ਕੇਂਦਰ ਸਰਕਾਰ ਇਹ ਫੈਸਲਾ ਵਾਪਸ ਨਾ ਲਿਆ ਗਿਆ ਤਾਂ ਆਮ ਆਦਮੀ ਪਾਰਟੀ ਪੰਜਾਬ ਦੇ ਹਰ ਕੋਨੇ 'ਚ ਲੋਕਾਂ ਦੀ ਆਵਾਜ਼ ਬਣ ਕੇ ਰੋਸ ਪ੍ਰਗਟ ਕਰੇਗੀ।

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥ ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥



# ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਦੀ 30 ਵੀਂ ਸਲਾਨਾ ਬਰਸੀ

## 31 ਅਗਸਤ 2025 ਦਿਨ ਐਤਵਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਪਹੁੰਚੋ

ਪੰਜਾਬ ਵਿੱਚੋਂ ਸਿੱਖ ਜਵਾਨੀ ਨੂੰ ਚੁਣ-ਚੁਣ ਕੇ ਖਤਮ ਕਰਨ ਵਾਲੇ ਜ਼ੁਲਮੀ ਹਾਕਮ ਬੇਅੰਤ ਸਿੰਹੁ ਦੇ ਜ਼ੁਲਮੀ ਰਾਜ ਅਤੇ ਉਸ ਦਾ ਨਾਸ਼ ਕਰਦੇ ਹੋਏ *31 ਅਗਸਤ 1995* ਨੂੰ 'ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਮਹਾਨ ਸ਼ਹਾਦਤ ਪ੍ਰਾਪਤ ਕਰ ਗਏ ਸਨ। ਆਓ ਰਲ ਮਿਲਕੇ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੀ ਸਲਾਨਾ ਬਰਸੀ ਮੌਕੇ ਉਨ੍ਹਾਂ ਵੱਲੋਂ ਖਾਲਿਸਤਾਨ ਦੇ ਸੰਘਰਸ਼ ਲਈ ਦਿੱਤੀ ਕੁਰਬਾਨੀ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ। ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ *31 ਅਗਸਤ 2025* ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਵੱਖ-ਵੱਖ ਦੇਸ਼ਾਂ ਵਿਦੇਸ਼ਾਂ ਵਿੱਚ 'ਕੌਮੀ ਸ਼ਹੀਦ' ਭਾਈ ਦਿਲਾਵਰ ਸਿੰਘ ਬੱਬਰ ਦੀ ਯਾਦ ਵਿੱਚ ਰੱਖੇ ਪ੍ਰੋਗਰਾਮਾਂ ਵਿੱਚ ਵੱਧ ਤੋਂ ਵੱਧ ਪਰਿਵਾਰਾਂ ਸਹਿਤ ਹਾਜ਼ਰੀ ਲਗਵਾਉ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੋ ਜੀ।

**ਗੁਰੂ ਪੰਥ ਦੇ ਦਾਸ**

**ਜੱਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਬਿਧੀ ਸਿੰਘ ਬੱਬਰ**



## ਜਾਰੀ ਕਰਤਾ : ਬੱਬਰ ਖਾਲਸਾ

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਤੋਂ

# ਅੱਠ ਪਾਵਨ ਸਰੂਪ ਸਤਿਕਾਰ ਸਹਿਤ ਗੁਰਦੁਆਰਾ ਡੇਰਾ ਬਾਬਾ ਨਾਨਕ ਵਿਖੇ ਪਹੁੰਚਾਏ





ਚੌਂਕ ਮਹਿਤਾ, 28 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)- ਯੂਅਰ ਚੈਰੀਟੇਬਲ ਸੇਵਾ ਸੁਸਾਇਟੀ ਜੱਬੋਵਾਲ ਅਤੇ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਸੇਵਾਦਾਰ ਡੇਰਾ ਬਾਬਾ ਨਾਨਕ ਇਲਾਕੇ ਵਿੱਚ ਆਏ ਹੜਾਂ ਦੇ ਚਲਦਿਆਂ ਸੇਵਾ ਕਰਨ ਦੇ ਲਈ ਪਹੁੰਚੇ ਸਨ। ਜਿੱਥੇ ਉਨਾਂ ਦੇ ਵੱਲੋਂ ਬਾਬਾ ਸ੍ਰੀ ਚੰਦ ਜੀ ਦੇ ਅਸਥਾਨਾ ਦੇ ਅੰਦਰ ਭਰ ਚੁੱਕੇ ਪਾਣੀ ਦੇ ਅੰਦਰੋਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੱਠ ਸਰੂਪ ਬਾਹਰ ਕੱਢੇ ਗਏ। ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਮਲਕੀਅਤ ਸਿੰਘ ਖਾਲਸਾ ਨੇ ਦੱਸਿਆ ਕਿ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕਰਨ ਲਈ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਅਸਥਾਨ ਉੱਪਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਠ ਸਰੂਪ ਸ਼ੁਸ਼ੋਬਿਤ ਸਨ। ਜਿੱਥੇ ਅਚਾਨਕ ਅੱਠ ਅੱਠ ਫੁੱਟ ਉੱਚਾ ਪਾਣੀ ਭਰ ਗਿਆ। ਪਰ ਉਸ ਅਸਥਾਨ ਦੇ ਸੇਵਾਦਾਰਾਂ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਅਤੇ ਪੋਥੀਆਂ ਨੂੰ ਪਾਣੀ ਨਹੀਂ ਲੱਗਣ ਦਿੱਤਾ। ਉਨਾਂ ਦੱਸਿਆ ਕਿ ਇਥੇ ਪਹੁੰਚੇ ਯੂਅਰ ਚੈਰੀਟੇਬਲ ਸੇਵਾ ਸੁਸਾਇਟੀ ਦੇ ਸੇਵਾਦਾਰਾਂ ਅਤੇ ਸੰਤ ਬਾਬਾ ਗੁਰਬਖਸ਼ ਸਿੰਘ ਅਕੈਡਮੀ ਜੱਬੋਵਾਲ ਦੇ ਸੇਵਾਦਾਰ ਵੱਲੋਂ ਇਨ੍ਹਾਂ ਪਾਵਨ ਸਰੂਪਾਂ ਨੂੰ ਪੂਰੇ ਸਤਿਕਾਰ ਸਹਿਤ ਗੁਰਦੁਆਰਾ ਡੇਰਾ ਬਾਬਾ ਨਾਨਕ ਵਿਖੇ ਲਿਜਾਇਆ ਗਿਆ। ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਨੇ ਦੱਸਿਆ ਕਿ ਇਥੇ ਆਮ ਲੋਕਾਂ ਦੀ ਸੇਵਾ ਦੇ ਨਾਲ ਨਾਲ ਸਾਡੇ ਸੇਵਾਦਾਰ ਸਿੰਘ ਧਾਰਮਿਕ ਅਸਥਾਨਾਂ ਉਪਰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ ਸੰਭਾਲ ਦੇ ਲਈ ਵੀ ਡੱਟੇ ਹੋਏ ਹਨ। ਇਸ ਮੌਕੇ ਤੇ ਸ੍ਰੀ ਮਾਨ ਸੰਤ ਬਾਬਾ ਮਲਕੀਅਤ ਸਿੰਘ ਮੁੱਖੀ ਸੰਤ ਸਿੰਘ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ, ਭਾਈ ਤੇਜਬੀਰ ਸਿੰਘ ਭਲਾਈਪੁਰ, ਭਾਈ ਬਲਰਾਜ ਸਿੰਘ ਬਾਜ, ਭਾਈ ਸੁਖਦੇਵ ਸਿੰਘ, ਭਾਈ ਸੁਖਚੈਨ ਸਿੰਘ ਪ੍ਰਿੰਸੀਪਲ ਸੁਰਿੰਦਰਜੀਤ, ਪ੍ਰਿੰਸੀਪਲ ਗੁਰਪਿੰਦਰ ਸਿੰਘ, ਭਾਈ ਰਵਿੰਦਰ ਸਿੰਘ ਭਲਾਈਪੁਰ, ਆਦਿ ਸੇਵਾਦਾਰ ਹਾਜ਼ਰ ਸਨ।

**ਹੜ੍ਹਾਂ ਦਾ ਪਾਣੀ ਭਰਨ ਤੇ ਯੂਅਰ ਚੈਰੀਟੇਬਲ ਸੇਵਾ ਸੁਸਾਇਟੀ ਜੱਬੋਵਾਲ ਸੇਵਾ 'ਚ ਡੱਟੀ**

### ਇੰਟਰਨੈਸ਼ਨਲ ਭਾਈ ਮਰਦਾਨਾ ਸੁਸਾਇਟੀ ਵੱਲੋਂ

# ਹੜ ਪੀੜਤਾਂ ਲਈ ਭਾਈ ਮਰਦਾਨਾ ਜੀ ਹਾਲ ਵਿੱਚ ਰਹਿਣ ਲਈ ਪ੍ਰਬੰਧ ਕੀਤੇ

**ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ) :—** ਇੰਟਰਨੈਸ਼ਨਲ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਭਾਈ ਮਰਦਾਨਾ ਜੀ ਹਾਲ ਨੇੜੇ ਸਿਵਲ ਹਸਪਤਾਲ ਫਿਰੋਜ਼ਪੁਰ ਸ਼ਹਿਰ ਵਿਖੇ ਹੜ੍ਹ ਪੀੜਤਾਂ ਪਰਿਵਾਰਾਂ ਲਈ ਇੰਤਜ਼ਾਮ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਤਲੁਜ ਦਰਿਆ ਦੇ ਨੇੜੇ—ਤੇੜੇ ਦੇ ਪਿੰਡਾਂ ਵਿੱਚ ਜਿੱਥੇ ਪਾਣੀ ਭਰਿਆ ਹੋਇਆ ਹੈ ਲੋਕ ਆਪਣੇ ਘਰ ਛੱਡ ਕੇ ਸੁਰੱਖਿਤ ਥਾਵਾਂ ਤੇ ਜਾ ਰਹੇ ਹਨ ਉਨ੍ਹਾਂ ਲਈ ਭਾਈ ਮਰਦਾਨਾ ਯਾਦਗਾਰੀ ਹਾਲ ਵਿੱਚ ਰਹਿਣ ਦੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਭਾਈ ਮਰਦਾਨਾ ਜੀ ਹਾਲ ਵਿੱਚ ਤਕਰੀਬਨ 1500 ਤੋਂ 2000 ਸੰਗਤ ਰਹਿ ਸਕਦੀ ਹੈ ਇਸ ਹਾਲ ਵਿੱਚ ਇੱਕ ਵੱਡਾ ਖੁੱਲਾ ਹਾਲ ਦੋ ਛੋਟੇ ਹਾਲ ਛੇ ਕਮਰੇ ਤੇ ਨਾਲ ਗੈਲਰੀ ਮੌਜੂਦ ਹੈ ਲੋੜਵੰਦ ਪਰਿਵਾਰਾਂ ਦੇ ਲਈ ਬਾਹਰ ਖੁੱਲੀ ਜਗ੍ਹਾ ਜਿੱਥੇ ਉਹ ਸਮਾਨ ਵੀ ਆਪਣਾ ਰੱਖ ਸਕਦੇ ਹਨ। ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਅਸੀਂ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਕਿਰਪਾ ਕਰੋ ਪਾਣੀ ਦਾ ਸਤਰ ਘਟੇ ਜਿਸ ਨਾਲ ਸਤਲੁਜ ਦਰਿਆ ਦੇ ਨੇੜੇ—ਤੇੜੇ ਦੇ ਪਿੰਡਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਵੀ ਜਾਣਕਾਰੀ ਦੇ ਦਿੱਤੀ ਗਈ ਹੈ ਅਤੇ ਹਾਲ ਵਿਚ ਪੂਰੇ ਇੰਤਜ਼ਾਮ ਕੀਤੇ ਹਨ ਜਦੋਂ ਵੀ ਹਾਲ ਦੀ ਲੋੜ ਪਵੇ ਤੇ ਅਸੀਂ ਤਿਆਰ ਹਾਂ। ਇਸ ਮੌਕੇ ਰਣਬੀਰ ਸਿੰਘ ਰਾਣਾ, ਪਰਮਜੀਤ ਸਿੰਘ ਪੰਮਾ, ਹਰਜੀਤ ਸਿੰਘ ਧਾਲੀਵਾਲ, ਹਰਦੀਪ ਸਿੰਘ ਰਜੀਵਾਲਾ, ਗੁਰਮੀਤ ਸਿੰਘ, ਰਜੇਸ਼ ਕੁਮਾਰ, ਇੰਦਰਪਾਲ ਸਿੰਘ ਪ੍ਰਿੰਸ, ਦਰਸ਼ਨ ਲਾਲ ਹੀਰਾ, ਬਲਜਿੰਦਰ ਸਿੰਘ ਬੱਬੂ ਹੁਸੈਨੀਵਾਲਾ ਹਾਜ਼ਰ ਸਨ।



# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 31 ਅਗਸਤ ਤੇ ਇਕ ਸਤੰਬਰ ਨੂੰ ਹੋਣਗੇ ਧਾਰਮਿਕ ਸਮਾਗਮ

## ਪਹਿਲੇ ਪ੍ਰਕਾਸ਼ ਦਿਹਾੜੇ ਦੀਆਂ ਤਿਆਰੀਆਂ ਮੁਕੰਮਲ—ਪ੍ਰਧਾਨ ਭਾਈ ਕੁਲਵੰਤ ਸਿੰਘ



ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ) :— ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰਡ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਿਤੀ 31 ਅਗਸਤ ਅਤੇ ਇਕ ਸਤੰਬਰ ਦਿਨ ਐਤਵਾਰ ਅਤੇ ਸੋਮਵਾਰ ਨੂੰ ਬੜੀ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਗੁਰਦੁਆਰਾ ਜੱਜਾਂਵਾਲਾ ਧਰਮਸ਼ਾਲਾ ਭਾਈ ਮੋਤੀ ਰਾਮ ਜੀ ਬਾਂਸੀ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਇਹ ਧਾਰਮਿਕ ਸਮਾਗਮ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ 28 ਅਗਸਤ ਦਿਨ ਸ਼ੁਕਰਵਾਰ ਨੂੰ ਦੋ ਸ੍ਰੀ ਅਖੰਡ ਪਾਠ ਸਾਹਿਬ ਸਵੇਰੇ 10 ਵਜੇ ਆਰੰਭ ਹੋਣਗੇ। ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਵੱਲੋਂ ਇੱਕ ਅਤੇ ਦੂਸਰਾ ਸਵਰਗੀ ਪ੍ਰੀਤਮ ਸਿੰਘ ਜੀ ਦੇ ਪਰਿਵਾਰ ਵੱਲੋਂ ਹੋਵੇਗਾ, ਜਿਨਾਂ ਦੇ ਭੋਗ 31 ਅਗਸਤ ਦਿਨ ਐਤਵਾਰ ਨੂੰ ਸਵੇਰੇ 9 ਵਜੇ ਪਾਏ ਜਾਣਗੇ, ਉਪਰੰਤ ਲਹੌਰੀਏ ਕਵੀਸ਼ਰੀ ਜਥਾ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੁੜਨਗੇ। ਉਨ੍ਹਾਂ ਦੱਸਿਆ ਕਿ 31 ਅਗਸਤ ਦਿਨ ਐਤਵਾਰ ਰਾਤ ਨੂੰ ਗਿਆਨੀ ਸੁਖਵਿੰਦਰ ਸਿੰਘ ਕਥਾਵਾਚਕ ਸੱਤ ਤੋਂ 8 ਵਜੇ ਤੱਕ, ਭਾਈ ਕਮਲਜੀਤ ਸਿੰਘ ਹਜੂਰੀ ਰਾਗੀ ਅੱਠ ਤੋਂ ਨੌ ਢਾਡੀ ਜੱਥਾ ਗਿਆਨੀ ਸਤਨਾਮ ਸਿੰਘ ਜੀ ਚਮਿੰਡਾ ਨੌ ਤੋਂ ਸਾਢੇ 10 ਵਜੇ ਤੱਕ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨਗੇ। ਉਨ੍ਹਾਂ ਦੱਸਿਆ ਕਿ ਇੱਕ ਸਤੰਬਰ ਦਿਨ ਸੋਮਵਾਰ ਰਾਤ ਨੂੰ ਢਾਡੀ ਜੱਥਾ ਗਿਆਨੀ ਬੋਹੜ ਸਿੰਘ ਬਾਰੇ ਕੇ ਸੱਤ ਤੋਂ 8 ਵਜੇ ਤੱਕ ਭਾਈ ਰਵਿੰਦਰ ਸਿੰਘ ਜੀ ਹਜੂਰੀ ਰਾਗੀ ਅੱਠ ਤੋਂ 9 ਵਜੇ ਤੱਕ ਕਥਾ ਵਾਚਕ ਗਿਆਨੀ ਮਾਨ ਸਿੰਘ ਨੌ ਤੋਂ ਸਾਢੇ 9 ਵਜੇ ਤੱਕ ਸੰਗਤਾਂ ਨੂੰ ਕਥਾ ਵਿਚਾਰ ਨਾਲ ਜੋੜਨਗੇ। ਇਨ੍ਹਾਂ ਸਮਾਗਮਾਂ ਵਿਚ ਪੁੱਜ ਕੇ ਗੁਰਬਾਣੀ ਨਾਲ ਜੁੜਣ ਦਾ ਹੋਕਾ ਦਿੰਦਿਆਂ ਭਾਈ ਕੁਲਵੰਤ ਸਿੰਘ ਪ੍ਰਧਾਨ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਅਤੇ ਸਮੂਹ ਮੈਂਬਰਾਂ ਨੇ ਕਿਹਾ ਕਿ ਇਨ੍ਹਾਂ ਸਮਾਗਮਾਂ ਵਿਚ ਪਹੁੰਚ ਰਹੇ ਰਾਗੀ ਜਥਿਆਂ ਅਤੇ ਸਿੱਖ ਧਰਮ ਦੀਆਂ ਸਤਿਕਾਰਯੋਗ ਸਖਸ਼ੀਅਤਾਂ ਵੱਲੋਂ ਸੰਗਤਾਂ ਨੂੰ ਗੁਰੂ ਕਾ ਇਤਿਹਾਸ ਗੁਰੂ ਹਰਿ ਜਸ ਸੁਣ ਕੇ ਨਿਹਾਲ ਕੀਤਾ ਜਾਵੇਗਾ।

## "ਗਣਪਤੀ ਬੱਪਾ ਮੋਰਿਆ" ਦੇ ਜੈਕਾਰਿਆਂ ਨਾਲ ਜੀ.ਕੇ.ਯੂ ਵਿਰਾਜੇ ਭਗਵਾਨ ਸ਼੍ਰੀ ਗਣੇਸ਼ ਭਗਵਾਨ



**ਤਲਵੰਡੀ ਸਾਬੋ, 28 ਅਗਸਤ (ਗੁਰਜੰਟ ਸਿੰਘ ਨਥੇਹਾ)-** ਗੁਰੂ ਕਾਸ਼ੀ ਯੂਨੀਵਰਸਿਟੀ ਦੇ ਤੇਲੰਗਾਨਾ ਅਤੇ ਆਂਧਰਾ ਪ੍ਰਦੇਸ਼ ਦੇ ਵਿਦਿਆਰਥੀਆਂ ਵੱਲੋਂ ਸੁੱਖ ਸਮ੍ਰਿੱਧੀ, ਖੁਸ਼ਹਾਲੀ ਦਾ ਪ੍ਰਤੀਕ ਭਗਵਾਨ ਸ਼੍ਰੀ ਗਣੇਸ਼ ਦਾ ਜਨਮ ਦਿਹਾੜਾ 'ਗਣੇਸ਼ ਚਤੁਰਥੀ' ਬੜੀ ਸ਼ਰਧਾ ਸਤਿਕਾਰ ਨਾਲ ਮਨਾਇਆ ਗਿਆ। ਜਿਸ ਵਿੱਚ ਵੱਖ-ਵੱਖ ਪ੍ਰਦੇਸ਼ਾਂ ਦੇ ਵਿਦਿਆਰਥੀਆਂ ਵੱਲੋਂ ਸ਼ਰਧਾਪੂਰਵਕ ਭਗਵਾਨ ਸੰਕਟਮੋਚਕ ਸ਼੍ਰੀ ਗਣੇਸ਼ ਜੀ ਦਾ ਸਵਰੂਪ ਸਥਾਪਿਤ ਕੀਤਾ ਗਿਆ। ਇਸ ਮੌਕੇ ਆਪਣੇ ਵਧਾਈ ਸੰਦੇਸ਼ ਵਿੱਚ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਉਪ ਕੁਲਪਤੀ ਨੇ ਕਿਹਾ ਕਿ ਇਹ ਆਯੋਜਨ ਭਾਰਤ ਦੀ ਅਨੇਕਤਾ ਵਿੱਚ ਏਕਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭਗਵਾਨ ਸ਼੍ਰੀ ਗਣੇਸ ਜੀ ਤੋਂ ਪ੍ਰੇਰਣਾ ਲੈ ਕੇ ਗਿਆਨਵਾਨ ਅਤੇ ਆਪਣੇ ਮਾਤਾ-ਪਿਤਾ ਦੀ ਸੇਵਾ ਕਰਨ ਵਾਲਾ ਬਣਨ ਲਈ ਪ੍ਰੇਰਿਤ ਕੀਤਾ। ਆਯੋਜਨ ਬਾਰੇ ਪ੍ਰੋ.(ਡਾ.) ਕੰਵਲਜੀਤ ਕੌਰ ਡਾਇਰੈਕਟਰ ਯੁਵਾ ਅਤੇ ਸੱਭਿਆਚਾਰ ਮਾਮਲੇ ਤੇ ਡਾ. ਲੋਕੇਂਦਰ ਕਸ਼ਅਪ ਡੀਨ ਖੇਤੀਬਾੜੀ ਨੇ ਦੱਸਿਆ ਕਿ ਇਹ ਸਮਾਰੋਹ ਪੰਜ ਦਿਨ ਚੱਲੇਗਾ, ਜਿਸ ਦੌਰਾਨ ਹਰ ਰੋਜ਼ ਵਿਦਿਆਰਥੀਆਂ ਵੱਲੋਂ ਭਜਨ, ਕੀਰਤਨ ਕੀਤਾ ਜਾਵੇਗਾ ਤੇ ਸਭਨਾਂ ਦੀ ਖੁਸ਼ਹਾਲੀ ਦੀ ਅਰਦਾਸ ਹੋਵੇਗੀ। ਸਮਾਪਨ ਸਮਾਰੋਹ ਮੌਕੇ ਮਿਤੀ 31 ਅਗਸਤ ਨੂੰ ਬੜੀ ਧੂਮਧਾਮ ਨਾਲ ਭਗਵਾਨ ਸ਼੍ਰੀ ਗਣੇਸ਼ ਜੀ ਦੀ ਮੂਰਤੀ ਦਾ ਵਿਸਰਜਨ ਕੀਤਾ ਜਾਵੇਗਾ।

## ਸਰਦਾਰਨੀ ਹਰਭਜਨ ਕੌਰ ਨਮਿਤ ਪਾਠ ਦੇ ਭੋਗ 2 ਸਤੰਬਰ ਨੂੰ



ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ) :— ਸਾਡੇ ਬਹੁਤ ਹੀ ਸਤਿਕਾਰਯੋਗ ਸਾਥੀ ਸੁਰਜੀਤ ਸਿੰਘ ਢਿੱਲੋਂ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਦਾਦੀ ਜੀ ਸਰਦਾਰਨੀ ਹਰਭਜਨ ਕੌਰ ਅਚਾਨਕ ਅਕਾਲ ਚਲਾਣਾ ਕਰ ਗਏ ਸੀ। ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸਹਿਜ ਪਾਠ ਦੇ ਭੋਗ ਮਿਤੀ 2 ਸਤੰਬਰ 2025 ਨੂੰ ਦਿਨ ਮੰਗਲਵਾਰ ਪਿੰਡ ਡੋਡ ਦੇ ਗੁਰਦੁਆਰਾ ਸਾਹਿਬ ਵਿਖੇ 12 ਤੋਂ 1 ਵਜੇ ਤੱਕ ਪਾਏ ਜਾਣਗੇ। ਆਪ ਸਭ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋ ਕੇ ਦੇਹੁ ਸੱਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲ ਦੀ ਸਨੀਮਰ ਬੇਨਤੀ ਕੀਤੀ ਜਾਂਦੀ ਹੈ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਥੇਬੰਦੀ ਦੇ ਆਗੂਆਂ ਵੱਲੋਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੌਕਰੀਆਂ ਦੇਣ ਦਾ ਕੀਤਾ ਵਾਇਦਾ ਕਰਨ ਵਫਾ—ਰਜੇਸ਼ ਕੁਮਾਰ

# ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਡਬਲ ਬੈਂਚ ਦੇ ਹੁਕਮਾਂ ਨੂੰ ਸਰਕਾਰ ਕਰੇ ਲਾਗੂ



ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ) :— ਕਲਰਕ ਦੀ ਨੌਕਰੀ ਦਾ ਟੈਸਟ ਪਾਸ ਕਰਨ ਦੇ ਬਾਵਜੂਦ ਨੌਕਰੀ ਪ੍ਰਾਪਤ ਕਰਨ ਲਈ ਕਈ ਸਾਲਾਂ ਤੋਂ ਜੱਦੋ—ਜਹਿਦ ਕਰਦੇ ਆ ਰਹੇ ਨੌਜਵਾਨਾਂ ਨੂੰ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਬਾਅਦ ਵੀ ਨਹੀਂ ਮਿਲ ਰਹੀ ਰਾਹਤ। ਇਸ ਸਬੰਧੀ ਗੱਲਬਾਤ ਕਰਦਿਆਂ ਰਜੇਸ਼ ਕੁਮਾਰ, ਜ਼ਸਕਰਨ ਸਿੰਘ, ਵਰਿੰਦਰ ਸਿੰਘ ਅਤੇ ਸਾਥੀਆਂ ਨੇ ਕਿਹਾ ਕਿ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ ਵੱਲੋਂ ਸਾਲ 2013 ਵਿਚ ਕਲਰਕ ਭਰਤੀ ਦਾ ਟੈਸਟ ਲਿਆ ਗਿਆ ਸੀ, ਜਿਸ ਵਿਚ ਪਾਸ ਹੋਣ ਦੇ ਬਾਵਜੂਦ ਵਿਭਾਗ ਵੱਲੋਂ ਉਨ੍ਹਾਂ ਸਮੇਤ 150—200 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਨਹੀਂ ਸਨ ਦਿੱਤੇ ਗਏ। ਉਨ੍ਹਾਂ ਕਿਹਾ ਕਿ ਮਜ਼ਬੂਰਨ ਉਨ੍ਹਾਂ ਨੂੰ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦਾ ਦਰਵਾਜਾ ਖੜਕਾਉਣਾ ਪਿਆ, ਜਿਥੇ ਮਾਣਯੋਗ ਅਦਾਲਤ ਵੱਲੋਂ ਅਪ੍ਰੈਲ 2025 ਵਿਚ ਉਨ੍ਹਾਂ ਦੇ ਹੱਕ ਵਿਚ ਹੁਕਮ ਸੁਣਾ ਦਿੱਤਾ ਹੈ ਅਤੇ ਮਾਣਯੋਗ ਅਦਾਲਤ ਵੱਲੋਂ ਦਿੱਤੇ ਹੁਕਮਾਂ ਵਿਚ ਚਾਰ ਮਹੀਨੇ ਦਾ ਸਮਾਂ ਸੂਬਾਰਡੀਨੇਟ ਸਰਵਿਸ ਸਲੈਕਸ਼ਨ ਬੋਰਡ ਪੰਜਾਬ ਨੂੰ ਦਿੱਤਾ ਗਿਆ ਸੀ, ਪਰ ਅਜੇ ਤੱਕ ਉਨ੍ਹਾਂ ਨੂੰ ਨਿਯੁਕਤੀ ਪੱਤਰ ਨਹੀਂ ਦਿੱਤੇ ਗਏ। ਗੱਲਬਾਤ ਕਰਦਿਆਂ ਨੌਜਵਾਨਾਂ ਨੇ ਕਿਹਾ ਕਿ ਸਾਲ 2015 ਵਿਚ ਮੈਂਬਰ ਪਾਰਲੀਮੈਂਟ ਹੁੰਦਿਆਂ ਸ: ਭਗਵੰਤ ਸਿੰਘ ਮਾਨ ਵੱਲੋਂ ਸਾਡੇ ਹੱਕ ਵਿਚ ਪ੍ਰੈਸ ਕਾਨਫਰੰਸ ਕਰਦਿਆਂ ਜਿਥੇ ਮੌਕੇ ਦੀ ਸਰਕਾਰ ਕੋਲ ਸਾਡੀ ਵਕਾਲਤ ਕੀਤੀ ਗਈ ਸੀ, ਉਥੇ ਲੋਕ ਸਭਾ ਵਿਚ ਸਾਡੀ ਆਵਾਜ਼ ਬੁਲੰਦ ਕੀਤੀ ਸੀ।

ਨੌਜਵਾਨਾਂ ਨੇ ਕਿਹਾ ਕਿ ਮੈਂਬਰ ਪਾਰਲੀਮੈਂਟ ਸ: ਭਗਵੰਤ ਸਿੰਘ ਮਾਨ ਨੇ ਸਾਡੇ ਨਾਲ ਵਾਇਦਾ ਕੀਤਾ ਸੀ ਕਿ ਉਨ੍ਹਾਂ ਦੀ ਸਰਕਾਰ ਬਨਣ ਤੇ ਕਲਰਕਾਂ ਨੂੰ ਬਿਨ੍ਹਾਂ ਦੇਰੀ ਭਰਤੀ ਕੀਤਾ ਜਾਵੇਗਾ। ਪਿਛਲੇ ਸਾਲ ਸਰਕਾਰ ਵੱਲੋਂ ਈ.ਟੀ.ਟੀ ਕਾਡਰ ਦੀਆਂ 6635 ਆਸਾਮੀਆਂ ਭਰਨ ਲਈ ਦਿੱਤੇ ਵਿਗਿਆਪਨ ਦੀ ਲਗਾਤਾਰਾ ਵਿਚ ਸਿਵਲ ਰਿਟ ਪਟੀਸ਼ਨ ਨੰਬਰ 15486 ਆਫ 2021 ਤਹਿਤ ਅਧਿਆਪਕਾਂ ਨੂੰ ਦਿੱਤੇ ਨਿਯੁਕਤੀ ਪੱਤਰ ਦੀ ਗੱਲ ਕਰਦਿਆਂ ਨੌਜਵਾਨਾਂ ਨੇ ਕਿਹਾ ਕਿ ਮਾਣਯੋਗ ਅਦਾਤਲ ਵੱਲੋਂ ਹੋਏ ਹੁਕਮਾਂ ਦੀ ਰੋਸ਼ਨੀ ਵਿਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਆਪਣੇ ਬੋਲ ਪੁਗਾਉਂਦੇ ਹੋਏ ਸਾਨੂੰ ਵੀ ਨੌਕਰੀਆਂ ਨਾਲ ਨਿਵਾਜਣ। ਮੁੱਖ ਮੰਤਰੀ ਪੰਜਾਬ ਨੂੰ ਰਹਿਮਦਿਲੀ ਵਾਲਾ ਵਤੀਰਾ ਅਪਣਾਉਣ ਦੀ ਗੁਹਾਰ ਲਗਾਉਂਦਿਆਂ ਨੌਜਵਾਨਾਂ ਨੇ ਕਿਹਾ ਕਿ ਸਰਦਾਰ ਭਗਵੰਤ ਸਿੰਘ ਮਾਨ ਆਪਣੇ ਵਾਇਦੇ ਮੁਤਾਬਿਕ ਅਤੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਡਬਲ ਬੈਂਚ ਤੋਂ ਜਾਰੀ ਹੋਏ ਹੁਕਮਾਂ ਨੂੰ ਪ੍ਰਵਾਨ ਕਰਦੇ ਹੋਏ ਸਾਨੂੰ ਬਿਨ੍ਹਾਂ ਦੇਰੀ ਨੌਕਰੀਆਂ ਦੇਣ ਤਾਂ ਜ਼ੋ ਸਾਡੀ ਜਿੰਦਗੀ ਵੀ ਸੁਖਾਲੀ ਹੋ ਸਕੇ। ਗੱਲਬਾਤ ਕਰਦਿਆਂ ਨੌਜਵਾਨਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣੇ ਨੂੰ ਵੀ ਤਕਰੀਬਨ 3—4 ਸਾਲ ਦਾ ਸਮਾਂ ਬੀਤ ਚੁੱਕਿਆ ਹੈ ਅਤੇ ਸਰਦਾਰ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਲਗਾਤਾਰ ਨੌਜਵਾਨਾਂ ਨੂੰ ਨੌਕਰੀ ਦਿੱਤੀਆਂ ਜਾ ਰਹੀਆਂ ਹਨ, ਪਰ ਉਨ੍ਹਾਂ ਨਾਲ ਕੀਤਾ ਵਾਅਦਾ ਵਫਾ ਨਹੀਂ ਹੋ ਰਿਹਾ, ਜਿਸ ਕਰਕੇ ਉਹ ਪ੍ਰੇਸ਼ਾਨੀ ਦੇ ਆਲਮ ਵਿਚ ਡੁੱਬੇ ਹੋਏ ਹਨ। ਉਨ੍ਹਾਂ ਕਿਹਾ ਕਿ ਸਾਡੇ ਵੱਲੋਂ ਮੌਜੂਦਾ ਸਰਕਾਰ ਦੇ ਮੰਤਰੀਆਂ, ਵਿਧਾਇਕਾਂ ਨਾਲ ਇਹ ਮਸਲਾ ਸਾਂਝਾ ਕੀਤਾ ਜਾਂਦਾ ਰਿਹਾ ਹੈ, ਜਿਸ ਤੇ ਉਨ੍ਹਾਂ ਵੱਲੋਂ ਇਸ ਮਸਲੇ ਦੇ ਹੱਲ ਲਈ ਉਪਰਾਲਾ ਕੀਤਾ ਗਿਆ, ਪ੍ਰੰਤੂ ਅਫਸਰਸ਼ਾਹੀ ਵੱਲੋਂ

ਉਨ੍ਹਾਂ ਕਿਹਾ ਕਿ ਸਾਡੇ ਵਿਚੋਂ ਬਹੁਤੇ ਉਮੀਦਵਾਰ ਇਸ ਨੌਕਰੀ ਦੀ ਆਸ ਵਿਚ ਓਵਰਏਜ਼ ਹੋ ਚੁੱਕੇ ਹਨ ਅਤੇ ਕਈਆਂ ਦੇ ਮਾਤਾ—ਪਿਤਾ, ਆਪਣੇ ਧੀਆਂ—ਪੁੱਤਰਾਂ ਨੂੰ ਨੌਕਰੀ ਤੇ ਵੇਖਣ ਦੀ ਚਾਹਤ ਲੈ ਕੇ ਦੁਨੀਆਂ ਤੋਂ ਚਲੇ ਗਏ ਹਨ। ਸਮੂਹ ਨੌਜਵਾਨਾਂ ਨੇ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਪਾਸੋਂ ਇਹ ਮੰਗ ਕੀਤੀ ਕਿ ਉਹ ਸਾਲ 2015 ਵਿਚ ਪਟਿਆਲਾ ਵਿਖੇ ਕੀਤੀ ਪ੍ਰੈਸ ਕਾਨਫਰੰਸ ਦੌਰਾਨ ਆਪਣੇ ਬੋਲੇ ਬੋਲ ਪੁਗਾਉਣ। ਇਸ ਮੌਕੇ ਜ਼ਸਵਿੰਦਰ ਸਿੰਘ ਗੁਰਦਾਸਪੁਰ, ਜ਼ਸਵਿੰਦਰ ਸਿੰਘ ਮੁਕਤਸਰ, ਵਿਰਕਮ ਸਿੰਘ ਜਲਾਲਾਬਾਦ, ਅਕਾਸ਼ ਅਬੋਹਰ, ਅਮਨਦੀਪ ਸਿੰਘ ਗੁਰੂਹਰਸਹਾਏ, ਸਰਬਜੀਤ ਸਿੰਘ ਸੰਗਰੂਰ, ਗੁਰਨਾਮ ਸਿੰਘ ਸੰਗਰੂਰ ਸਮੇਤ ਵੱਡੀ ਗਿਣਤੀ ਨੌਜਵਾਨ ਹਾਜ਼ਰ ਸਨ।

ਅਵਾਰਾ ਕੁੱਤਿਆਂ ਤੋਂ ਬੇਹੱਦ ਪ੍ਰੇਸ਼ਾਨ ਨੇ ਗੁਰੂ ਨਾਨਕ ਐਵੀਨਿਊ ਕਲੋਨੀ ਦੇ ਵਸਨੀਕ

# ਬੱਚਿਆਂ ਤੇ ਔਰਤਾਂ ਦਾ ਬਾਹਰ ਨਿਕਲਣਾ ਹੋਇਆ ਮੁਸ਼ਕਤ



**ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ)** :— ਸਥਾਨਕ ਸ਼ਹਿਰ ਦੇ ਮਖੂ ਗੇਟ ਸਥਿਤ ਬਣੀ ਗੁਰੂ ਨਾਨਕ ਐਵੀਨਿਊ ਕਲੋਨੀ ਵਿਚ ਜਿਥੇ ਲੋਕ ਆਪਸੀ ਭਾਈਚਾਰਕ ਸਾਂਝ ਬਣਾ ਕੇ ਆਪਣਾ ਜੀਵਨ ਬਤੀਤ ਕਰ ਰਹੇ ਹਨ, ਪਰ ਅੱਜ ਕੱਲ ਇਥੇ ਅਵਾਰਾ ਕੁੱਤਿਆਂ ਦੇ ਝੁੰਡ ਇਸ ਕਲੋਨੀ ਦੀ ਸੁੰਦਰਤਾ ਤੇ ਲੋਕਾਂ ਦੇ ਰਹਿਣ—ਸਹਿਣ ਵਿਚ ਇਕ ਵੱਡੀ ਰੁਕਾਵਟ ਬਣੇ ਹੋਏ ਹਨ। ਇਸ ਸਬੰਧੀ ਗੱਲਬਾਤ ਕਰਦਿਆਂ ਭਾਈ ਜ਼ਸਪਾਲ ਸਿੰਘ ਨੇ ਕਿਹਾ ਕਿ ਕਲੋਨੀ ਵਾਸੀਆਂ ਨੇ ਇਸ ਸਮੱਸਿਆ ਦੇ ਹੱਲ ਲਈ ਕਲੋਨੀ ਵਿਚ ਵਸਦੇ ਇਕ ਪਰਿਵਾਰ ਸਮੇਤ ਨਗਰ ਕੌਂਸਲ ਅਤੇ ਡਿਪਟੀ ਕਮਿਸ਼ਨਰ ਤੱਕ ਪਹੁੰਚ ਕੀਤੀ ਹੈ, ਪਰ ਉਨ੍ਹਾਂ ਦੇ ਪੱਲੇ ਕੁਝ ਨਹੀਂ ਪਿਆ। ਇਨ੍ਹਾਂ ਕੁੱਤਿਆਂ ਤੋਂ ਪ੍ਰੇਸ਼ਾਨ ਇਥੋਂ ਦੇ ਵਸਨੀਕਾਂ ਨੇ ਕਲੋਨੀ ਦੇ ਪ੍ਰਧਾਨ ਜ਼ਸਪਾਲ ਸਿੰਘ ਦੀ ਪ੍ਰਧਾਨਗੀ ਹੇਠ ਇਕ ਮੀਟਿੰਗ ਕਰਕੇ ਇਨ੍ਹਾਂ ਅਵਾਰਾ ਕੁੱਤਿਆਂ ਦਾ ਪਾਲਣ ਪੋਸ਼ਣ ਕਰ ਰਹੇ ਸਿਰਫ ਇਕ ਹੀ ਪਰਿਵਾਰ ਨੀਲਮ ਰਾਣੀ ਪਤਨੀ ਸਵਰਗਵਾਸੀ ਰਿੰਕੂ ਅਤੇ ਉਸ ਦੇ ਸਪੁੱਤਰ ਸਾਹਿਲ ਨੂੰ ਇਨ੍ਹਾਂ ਕੁੱਤਿਆਂ ਸਬੰਧੀ ਕਲੋਨੀ ਨਿਵਾਸੀਆਂ ਨੂੰ ਆ ਰਹੀਆਂ ਮੁਸ਼ਿਕਲਾਂ ਬਾਰੇ ਕਈ ਵਾਰ ਜਾਣੂ ਕਰ ਵੀ ਕਰਵਾਇਆ ਹੈ ਅਤੇ ਇਸ ਪਰਿਵਾਰ ਦਾ ਕਲੋਨੀ ਵਾਸੀਆਂ ਨੂੰ ਇਸ ਦਾ ਹੱਲ ਕੱਢਣ ਦੀ ਬਜਾਏ ਉਲਟਾ ਧਮਕੀਆਂ ਦੇਣਾ ਅਤੇ ਲੜਾਈ ਝਗੜਾ ਕਰਨ ਦੀ ਆਦਤ ਬਣ ਚੁੱਕੀ ਹੈ। ਕਲੋਨੀ ਵਾਸੀਆਂ ਨੇ ਕਈ ਵਾਰ ਨਗਰ ਕੌਂਸਲ ਅਤੇ ਡੀ.ਸੀ ਸਾਹਿਬ ਨੂੰ ਲਿਖਤੀ ਸ਼ਿਕਾਇਤ ਵੀ ਕੀਤੀ, ਪਰ ਪ੍ਰਸ਼ਾਸਨ ਵੱਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਣ ਇਕੱਲੇ ਬੱਚਿਆਂ ਦਾ ਘਰੋ ਨਿਕਲਣਾ ਮੁਸ਼ਿਕਲ ਹੋ ਚੁੱਕਾ ਹੈ ਅਤੇ ਕਈ ਵਾਰ ਇਹ ਕੁੱਤੇ ਬੱਚਿਆਂ



ਅਤੇ ਔਰਤਾਂ ਨੂੰ ਜਖਮੀ ਵੀ ਕਰ ਚੁੱਕੇ ਹਨ, ਜਿਸ ਕਰਕੇ ਕਲੋਨੀ ਵਾਸੀਆਂ ਦਾ ਉਸ ਪਰਿਵਾਰ ਅਤੇ ਪ੍ਰਸ਼ਾਸਨ ਖਿਲਾਫ ਕਾਫੀ ਰੋਸ ਵੇਖਣ ਨੂੰ ਮਿਲ ਰਿਹਾ ਹੈ। ਕਲੋਨੀ ਵਾਸੀਆਂ ਦੀ ਪ੍ਰਸ਼ਾਸਨ ਤੋਂ ਮੰਗ ਹੈ ਕਿ ਕਲੋਨੀ ਵਾਸੀਆਂ ਦੀ ਇਸ ਮੁਸ਼ਿਕਲ ਨੂੰ ਸਮਝਦੇ ਹੋਏ ਇਨ੍ਹਾਂ ਅਵਾਰਾ ਕੁੱਤੇ ਜ਼ੋ ਗਲੀਆਂ ਵਿਚ ਝੂੰਡ ਬਣਾ ਕੇ ਫਿਰਦੇ ਹਨ, ਦਾ ਕੋਈ ਠੋਸ ਹੱਲ ਕੱਢਿਆ ਜਾਵੇ ਤਾਂ ਜ਼ੋ ਕਲੋਨੀ ਵਾਸੀ ਬੇਖੌਫ ਹੋ ਕੇ ਕਲੋਨੀ ਵਿਚ ਤੁਰ ਫਿਰ ਸਕਣ। ਇਸ ਸਮੇਂ ਗੁਰਵਿੰਦਰ ਸਿੰਘ, ਜ਼ਸਪਾਲ ਸਿੰਘ, ਮਨਜੀਤ ਸਿੰਘ, ਕੁਲਦੀਪ ਸਿੰਘ, ਚਮਨ ਲਾਲ ਅਰੋੜਾ, ਵਿਜੈ ਬਾਂਸਲ, ਅੰਗਰੇਜ਼ ਸਿੰਘ, ਰਣਜੀਤ ਸਿੰਘ, ਨਵੀਨ ਕੁਮਾਰ, ਜੰਬਰ ਸਿੰਘ, ਜਗਪ੍ਰੀਤ ਸਿੰਘ, ਪ੍ਰੀਤਮ ਸਿੰਘ, ਪੁਨੀਤ ਧਵਨ, ਸੋਨੂੰ ਗਰੋਵਰ, ਨਵਜੋਤ ਸਿੰਘ ਅਤੇ ਜ਼ਸਬੀਰ ਸਿੰਘ ਆਦਿ ਹਾਜ਼ਰ ਸਨ।

# ਪੱਤਰਕਾਰਾਂ ਵੱਲੋਂ ਪੱਖ ਜਾਣਨ ਤੇ ਡੀ.ਐਫ.ਐਸ.ਉ ਹੋਇਆ ਆਪੇ ਤੋਂ ਬਾਹਰ

☛ ਇਹ ਲੰਗਰ ਸਿਰਫ ਹੜ੍ਹ ਪੀੜਤਾਂ ਲਈ ਹੈ—ਡੀ.ਐਫ.ਐਸ.ਉ ☛ ਰਾਹਤ ਕੈਂਪਾਂ ਚ ਕੀਤਾ ਗਿਆ ਲੰਗਰ ਦਾ ਪ੍ਰਬੰਧ ਨਿਕਲਿਆ ਝੂਠ ਦਾ ਪੁਲੰਦਾ



ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ) :— ਜਿਵੇਂ ਕਿ ਸਭ ਨੂੰ ਪਤਾ ਹੈ ਕਿ ਸਰਹੱਦੀ ਏਰੀਆ ਫਿਰੋਜ਼ਪੁਰ ਜੋ ਕਿ ਹੜਾਂ ਦੀ ਪਕੜ ਵਿੱਚ ਆਇਆ ਹੋਇਆ ਹੈ ਤੇ ਹੜ ਪੀੜਤਾਂ ਲਈ ਫਿਰੋਜ਼ਪੁਰ ਸਿਵਲ ਪ੍ਰਸ਼ਾਸਨ ਵਲੋਂ ਪ੍ਰਬੰਧ ਕੀਤੇ ਗਏ ਹਨ ਪਰ ਇਹ ਪ੍ਰਬੰਧਾਂ ਦੀ ਜਦੋਂ ਗਰਾਊਡ ਰਿਪੋਰਟ ਪਤਾ ਕੀਤੀ ਗਈ ਤਾਂ ਇਹ ਪ੍ਰਬੰਧ ਸਿਰਫ ਕਾਗਜਾਂ ਵਿਚ ਜਾਂ ਫਿਰ ਸੈਲਫੀ ਸ਼ੈਸ਼ਨ ਤੱਕ ਹੀ ਸੀਮਿਤ ਜਾਪੇ। ਫਿਰੋਜ਼ਪੁਰ ਦੇ ਹੜ ਪੀੜਤਾਂ ਲਈ ਫਿਰੋਜ਼ਪੁਰ ਪ੍ਰਸ਼ਾਸ਼ਨ ਵਲੋਂ ਬਾਰੇ ਕੇ ਸਰਕਾਰੀ ਸਕੂਲ ਵਿੱਚ ਰਾਹਤ ਕੈਂਪ ਦਾ ਆਯੋਜਨ ਕੀਤਾ ਹੋਇਆ ਹੈ, ਜਿਥੇ ਕੇ ਹੜ੍ਹਾਂ ਚ ਰੈਸਕਿਉ ਕੀਤੇ ਹੋਏ ਲੋਕਾਂ ਨੂੰ ਰੱਖਿਆ ਗਿਆ ਹੈ ਤੇ ਪ੍ਰਸ਼ਾਸਨ ਵਲੋਂ ਇਸ ਰਾਹਤ ਕੈਂਪ ਲਈ ਬੜੇ ਢੁਕਵੇ ਪ੍ਰਬੰਧ ਕਰਕੇ ਖਬਰਾਂ ਜਰੀਏ ਵਾਹ—ਵਾਹ ਖੱਟੀ ਜਾ ਰਹੀ ਹੈ ਪਰ ਹੈਰਾਨੀ ਉਸ ਵੇਲੇ ਹੋਈ ਜਦੋਂ ਇਸ ਰਾਹਤ ਕੈਂਪ ਚ ਮਨਰੇਗਾ ਮਜਦੂਰ ਵਲੋਂ ਆਪਣਾ ਪੇਟ ਭਰਨ ਲਈ ਦੋ ਰੋਟੀਆਂ ਮੰਗੀਆਂ ਗਈਆਂ ਪਰ ਰੋਟੀਆਂ ਦੇਣ ਤੋਂ ਇਨਕਾਰ ਦੇ ਬਾਅਦ ਮਨਰੇਗਾ ਮਜਦੂਰ ਨੂੰ ਹੰਝੂ ਨਸੀਬ ਹੋਏ। ਜਾਣਕਾਰੀ ਮੁਤਾਬਕ ਬਾਰੇ ਕੇ ਰਾਹਤ ਕੈਂਪ ਚ ਪ੍ਰਬੰਧਾਂ ਦਾ ਜਾਇਜਾ ਲੈਣ ਤੇ ਹੜ੍ਹਾਂ ਵਿਚ ਘਿਰੇ ਹੋਏ ਪਿੰਡਾਂ ਦਾ ਜਾਇਜਾ ਲੈਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੁਰਾਂ ਵੱਲੋਂ ਦੋਰਾ ਰੱਖਿਆ ਗਿਆ ਸੀ ਜਿਸ ਦੌਰਾਨ ਭਗਵੰਤ ਸਿੰਘ ਮਾਨ ਵਲੋਂ ਪਹਿਲਾਂ ਬਾਰੇ ਕੇ ਬਣੇ ਰਾਹਤ ਕੈਂਪ ਵਿੱਚ ਆਉਣ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ ਤਾਂ ਕਿ ਇਸ ਕੈਂਪ ਵਿਚ ਹੜ ਪੀੜਤ ਲੋਕਾਂ ਦਾ ਹਾਲ ਜਾਣਿਆ ਜਾਵੇ ਤੇ ਨਾਲ ਹੀ ਉਨ੍ਹਾਂ ਦੇ ਰੱਖ—ਰਖਾਵ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜਾ ਲਿਆ ਜਾਵੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਇਸ ਫੇਰੀ ਤੋਂ ਪਹਿਲਾਂ ਫਿਰੋਜ਼ਪੁਰ ਦਾ ਪ੍ਰਸ਼ਾਸਨ ਪੱਬਾਂ ਭਾਰ ਹੋਇਆ ਪਿਆ ਸੀ ਤੇ ਇਸ ਰਾਹਤ ਕੈਂਪ ਲਈ ਜੋ ਕਿ ਬਾਰੇ ਕੇ ਦੇ ਸਰਕਾਰੀ ਸਕੂਲ ਵਿੱਚ ਬਣਾਇਆ ਗਿਆ ਹੈ ਇਸ ਦੀ ਸਾਫ—ਸਫਾਈ ਲਈ ਮਨਰੇਗਾ ਮਜਦੂਰਾਂ ਨੂੰ ਸਵੇਰੇ ਛੇ ਵਜੇ ਹੀ ਬੁਲਾ ਲਿਆ ਗਿਆ ਤੇ ਸਾਰੇ ਸਕੂਲ ਦੀ ਸਾਫ—ਸਫਾਈ ਤੋਂ ਬਾਅਦ ਆਖਿਰ ਉਨ੍ਹਾਂ ਨੂੰ ਇਸ ਕੈਂਪ ਵਿੱਚ ਖਾਣਾ ਨਾ ਮਿਲਣਾ ਪ੍ਰਸ਼ਾਸਨਿਕ ਅਧਿਕਾਰੀਆਂ ਦੁਆਰਾ ਕੀਤੇ ਹੋਏ ਪ੍ਰਬੰਧਾਂ ਦੀ ਪੋਲ ਖੋਲ੍ਹਦਾ ਹੈ ਕਿਉਕਿ ਕਿਸੇ ਕਾਰਨ ਕਰਕੇ ਭਗਵੰਤ ਸਿੰਘ ਮਾਨ ਦੀ ਇਹ ਫੇਰੀ ਨਹੀ ਹੋ ਸਕੀ ਤੇ ਮਨਰੇਗਾ ਮਜਦੂਰਾਂ ਨੂੰ ਭੁੱਖੇ ਢਿੱਡ ਹੀ ਆਪਣੇ ਘਰਾਂ ਲਈ ਰਵਾਨਾ ਹੋਣਾ ਪਿਆ। ਭੁੱਖੇ ਢਿੱਡ ਮਨਰੇਗਾ ਮਜਦੂਰ ਇੱਕ ਔਰਤ ਨੇ ਪੱਤਰਕਾਰਾਂ ਦੇ ਕੈਮਰੇ ਸਾਹਮਣੇ ਆਪਣਾ ਦੁੱਖੜਾ ਫਰੋਲਦਿਆ ਕਿਹਾ ਕਿ ਅਸੀਂ ਸਵੇਰੇ ਛੇ ਵਜੇ ਤੋਂ ਧੁੱਪੇ ਹੀ ਬਾਰੇ ਕੇ ਦੇ ਸਰਕਾਰੀ ਸਕੂਲ ਦੀ ਸਾਫ—ਸਫਾਈ ਵਿੱਚ ਲੱਗੇ ਹੋਏ ਹਾਂ ਤੇ ਪ੍ਰਸ਼ਾਸ਼ਨ ਵਲੋਂ ਸਾਡੇ ਲਈ ਕੋਈ ਵੀ ਖਾਣ—ਪੀਣ ਦਾ ਪੁਖਤਾ ਪ੍ਰਬੰਧ ਨਹੀਂ ਕੀਤਾ ਗਿਆ ਤੇ ਜਦੋਂ ਮੈਂ ਆਪਣੀ ਪੇਟ ਦੀ ਭੁੱਖ ਮਿਟਾਉਣ ਲਈ ਰਾਹਤ ਕੈਂਪ ਵਿੱਚ ਚੱਲ ਰਹੇ ਲੰਗਰ ਵਿਚ ਪਹੁੰਚ ਕਰਕੇ ਦੋ ਰੋਟੀਆਂ ਦੀ ਮੰਗ ਕੀਤੀ ਗਈ ਤਾਂ ਲੰਗਰ ਦੇ ਕਰਤਾ ਧਰਤਾ ਵਲੋਂ ਮੈਨੂੰ ਦੋ ਰੋਟੀਆਂ ਲਈ ਕੋਰੀ ਨਾਂਹ ਕਰ ਦਿੱਤੀ ਗਈ ਤੇ ਆਖਿਰ ਨੂੰ ਮੈ ਰੋ ਕੇ ਉਥੋਂ ਆ ਗਈ। ਜਦੋਂ ਇਸ ਸੰਬੰਧੀ ਪੱਤਰਕਾਰਾਂ ਦੀ ਟੀਮ ਵਲੋਂ ਲੰਗਰ ਪ੍ਰਬੰਧਕ ਫੂਡ ਸਪਲਾਈ ਵਿਭਾਗ ਦੇ ਜ਼ਿਲ੍ਹਾ ਫੂਡ ਅਫਸਰ ਹਿਮਾਂਸ਼ੂ ਕੁੱਕੜ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਪੱਖ ਦੇਣ ਦੀ ਬਜਾਏ ਆਪੇ ਤੋ ਬਾਹਰ ਹੋਇਆ ਜਿਲਾ ਫੂਡ ਸਪਲਾਈ ਅਫਸਰ ਤੇ ਤਲਖੀ ਭਰੇ ਲਹਿਜੇ ਨਾਲ ਬੋਲਿਆ ਕਿ ਇਹ ਲੰਗਰ ਸਿਰਫ ਹੜ੍ਹ ਪੀੜਤਾਂ ਲਈ ਹੈ ਜਦੋ ਕਿ ਪੱਤਰਕਾਰਾਂ ਦੇ ਸਾਹਮਣੇ ਹੀ ਸਰਕਾਰੀ ਮੁਲਾਜਮਾਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ—ਕਰਮਚਾਰੀਆਂ ਤੋਂ ਇਲਾਵਾ ਉਥੇ ਮੌਜੂਦ ਹੋਰ ਲੋਕ ਵੀ ਇਸ ਲੰਗਰ ਨੂੰ ਖਾ ਰਹੇ ਸਨ। ਸੋ ਫੂਡ ਸਪਲਾਈ ਅਫਸਰ ਦਾ ਪੱਤਰਕਾਰਾਂ ਪ੍ਰਤੀ ਆਪੇ ਤੋ ਬਾਹਰ ਹੋ ਕੇ ਤਲਖੀ ਭਰੇ ਲਹਿਜੇ ਨਾਲ ਬੋਲਣਾ ਉਨ੍ਹਾਂ ਦੁਆਰਾ ਕੀਤੇ ਗਏ ਪ੍ਰਬੰਧਾਂ ਦੀ ਪੋਲ ਖੋਲ੍ਹਦਾ ਨਜਰ ਆਇਆ। ਜੇਕਰ ਇਸ ਰਾਹਤ ਕੈਂਪ ਵਿਚ ਮਜਦੂਰ ਨੂੰ ਹੀ ਰੋਟੀ ਨਹੀਂ ਮਿਲਣੀ ਤਾਂ ਫਿਰ ਅਜਿਹੇ ਰਾਹਤ ਕੈਂਪ ਲਗਾਉਣਾ ਕੋਈ ਮਹਿਨੇ ਨਹੀਂ ਰੱਖਦਾ। ਸੋ ਫੂਡ ਸਪਲਾਈ ਅਫਸਰ ਦਾ ਪੱਤਰਕਾਰਾਂ ਨਾਲ ਕੀਤੇ ਅਜਿਹੇ ਵਤੀਰੇ ਦੀ ਦਿ ਡਿਸਟ੍ਰਿਕਟ ਪ੍ਰੈਸ ਕਲੱਬ ਫਿਰੋਜ਼ਪੁਰ ਦੀ ਪੂਰੀ ਟੀਮ ਤਿੱਖੇ ਸ਼ਬਦਾਂ ਚ ਨਿਖੇਧੀ ਕਰਦੀ ਹੈ ਤੇ ਪੰਜਾਬ ਸਰਕਾਰ ਤੋ ਮੰਗ ਕਰਦੀ ਹੈ ਕਿ ਪੱਤਰਕਾਰਾ ਨਾਲ ਅਜਿਹਾ ਵਤੀਰਾ ਕਰਨ ਵਾਲੇ ਅਫਸਰਾਂ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

## ਮੀਂਹ ਪੈਣ ਕਾਰਨ ਦੋ ਗਰੀਬ ਘਰਾਂ ਦੀਆਂ ਡਿੱਗੀਆਂ ਛੱਤਾਂ, ਗੁਰੂ ਨਾਨਕ ਦਾ ਸੋਹਣਾ ਮਿਸ਼ਨ ਤਹਿਤ ਬਣਾਉਣ ਦਾ ਕੰਮ ਸ਼ੁਰੂ





ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ) :— ਲਗਾਤਾਰ ਤਿੰਨ ਦਿਨ ਮੀਂਹ ਪੈਣ ਕਾਰਨ ਗਰੀਬ ਪਰਿਵਾਰਾਂ ਤੇ ਉਦੋਂ ਦੁੱਖਾਂ ਦਾ ਪਹਾੜ ਟੁੱਟ ਪਿਆ ਜਦੋਂ ਇਕ ਘਰ ਦੀ ਛੱਤ ਟੁੱਟ ਕੇ ਥੱਲੇ ਆ ਪਈ ਅਤੇ ਦੂਸਰੇ ਘਰ ਦੀ ਛੱਤ ਡਿੱਗਣ ਦੀ ਹਾਲਤ ਵਿਚ ਹੋ ਗਈ, ਪ੍ਰੰਤੂ ਕੋਈ ਵੀ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਲੋੜਵੰਦ ਪਰਿਵਾਰਾਂ ਨੇ ਮੁਕੇਸ਼ ਕੁਮਾਰ ਉਸਦੀ ਪਤਨੀ ਸੁਸ਼ਮਾ ਦੇਵੀ, ਦੂਸਰਾ ਪਰਿਵਾਰ ਲਾਲ ਬਾਈ ਵਿਧਵਾ ਖੇਮ ਚੰਦ ਵਸਨੀਕ ਅਹਾਤਾ ਨੰਬਰ 161 ਜੀ.ਟੀ ਰੋਡ ਫ਼ਿਰੋਜ਼ਪੁਰ ਛਾਉਣੀ ਨੇ ਗੁਰੂ ਨਾਨਕ ਦੇ ਦਰ ਘਰ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਗਲੀ ਨੰਬਰ 10 ਫ਼ਿਰੋਜ਼ਪੁਰ ਛਾਉਣੀ ਵਿਖੇ ਗੁਰੂ ਨਾਨਕ ਦਾ ਦਰ ਸੋਹਣਾ ਮਿਸ਼ਨ ਦੇ ਸੰਸਥਾਪਕ ਅੱਗੇ ਮੱਦਦ ਦੀ ਅਪੀਲ ਕੀਤੀ, ਜਿਸ ਤੇ ਤੁਰੰਤ ਕਾਰਵਾਈ ਕਰਦੇ ਹੋਏ ਸੰਸਥਾ ਦੇ ਸੰਸਥਾਪਕ ਅਮਰੀਕ ਸਿੰਘ ਗੋਰਾ ਨੇ ਜਾ ਕੇ ਘਰਾਂ ਦਾ ਮੌਕਾ ਦੇਖਿਆ ਅਤੇ ਪਰਿਵਾਰਾਂ ਦੀ ਮਾੜੀ ਹਾਲਤ ਦੇਖਦੇ ਹੋਏ ਲੋਕਾਂ ਨੂੰ ਇਸ ਮਨੁੱਖਤਾ ਦੀ ਸੇਵਾ ਦੇ ਕੰਮ ਲਈ ਸਹਿਯੋਗ ਦੀ ਅਪੀਲ ਕੀਤੀ ਅਤੇ ਲੋਕਾਂ ਨੇ ਵੱਡੇ ਪੱਧਰ ਤੇ ਅੱਗੇ ਆ ਕੇ ਸੰਸਥਾ ਦਾ ਸਹਿਯੋਗ ਕੀਤਾ ਅਤੇ ਗੁਰੂ ਨਾਨਕ ਦਾ ਦਰ ਸੋਹਣਾ ਮਿਸ਼ਨ ਤਹਿਤ ਅੱਜ ਨਵੀਆਂ ਛੱਤਾਂ ਦਾ ਕੰਮ ਵਾਹਿਗੁਰੂ ਅੱਗੇ ਅਰਦਾਸ ਕਰਕੇ ਸ਼ੁਰੂ ਕਰਵਾਇਆ ਗਿਆ। ਗੱਲਬਾਤ ਕਰਦਿਆਂ ਅਮਰੀਕ ਸਿੰਘ ਗੋਰਾ ਨੇ ਦੱਸਿਆ ਕਿ ਗੁਰੂ ਨਾਨਕ ਦਾ ਦਰ ਸੋਹਣਾ ਮਿਸ਼ਨ ਦਾ ਮਕਸਦ ਗੁਰਬਾਣੀ ਦਾ ਪ੍ਰਚਾਰ ਕਰਕੇ ਲੋਕਾਂ ਨੂੰ ਪਰਮਾਤਮਾ ਨਾਲ ਜ਼ੋੜਨਾ ਅਤੇ ਮਨੁੱਖਤਾ ਦੀ ਸੇਵਾ ਹੈ। ਉਨ੍ਹਾਂ ਨੇ ਇਸ ਮਨੁੱਖਤਾ ਦੀ ਸੇਵਾ ਦੇ ਕੰਮ ਵਿਚ ਯੋਗਦਾਨ ਪਾਉਣ ਵਾਲੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ। ਇਸ ਮੌਕੇ ਅਮਰੀਕ ਸਿੰਘ ਗੋਰਾ, ਰਣਜੀਤ ਸਿੰਘ, ਸੰਨੀ ਪਾਇਲਟ, ਪਵਨ ਕੁਮਾਰ ਐਕਸ ਆਰਮੀ, ਵਿਸ਼ਾਲ ਕੁਮਾਰ, ਵਿਪੁਨ ਕੁਮਾਰ, ਗੁਰਸਿਮਰਨ ਸਿੰਘ, ਮੁਕੇਸ਼ ਕੁਮਾਰ, ਸੁਸ਼ਮਾ ਦੇਵੀ, ਲਾਲ ਬਾਈ, ਸੰਜੇ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦੋ ਦਿਨਾਂ ਅਲਟੀਮੇਟਮ ਤੋਂ ਬਾਅਦ ਪੰਜਾਬ ਸਰਕਾਰ ਖਿਲਾਫ ਤਿੱਖਾ ਰੋਸ: ਬਲਾਕ ਤਰਸਿੱਕਾ ਖਤਮ ਕਰਨ ਦੇ ਫੈਸਲੇ ਵਿਰੁੱਧ ਪਿੰਡ ਸ਼ਾਹਪੁਰ, ਸੰਗਰਾਂਵਾ, ਅਤੇ ਰਸੂਲਪੁਰ ਖੁਰਦ ਫੂਕਿਆ ਪੁਤਲਾ

# ਹਰ ਪਿੰਡ ਵਿੱਚ ਫੂਕਿਆ ਜਾਵੇਗਾ ਪੁਤਲਾ



**ਚੌਂਕ ਮਹਿਤਾ,28 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਸਰਕਾਰ ਵੱਲੋਂ ਬਲਾਕ ਤਰਸਿੱਕਾ ਨੂੰ ਖਤਮ ਕਰਨ ਦੇ ਫੈਸਲੇ ਨੇ ਲੋਕਾਂ ਦੇ ਗੁੱਸੇ ਨੂੰ ਭੜਕਾ ਦਿੱਤਾ ਹੈ। 'ਬਲਾਕ ਤਰਸਿੱਕਾ ਬਚਾਓ ਮੋਰਚੇ' ਵੱਲੋਂ ਦਿੱਤੇ ਗਏ ਅਲਟੀਮੇਟਮ ਦੀ ਮਿਆਦ ਖਤਮ ਹੋਣ ਤੋਂ ਬਾਅਦ, ਲੋਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਖਿਲਾਫ ਵਿਰੋਧ ਪ੍ਰਦਰਸ਼ਨ ਤੇਜ਼ ਕਰ ਦਿੱਤੇ ਹਨ।

ਇਸ ਵਿਰੋਧ ਤਹਿਤ, ਦੋਵਾਂ ਆਗੂਆਂ ਦੇ ਪੁਤਲੇ ਫੂਕੇ ਗਏ। ਪਿੰਡ ਸਾਹਪੁਰ, ਸੰਗਰਾਂਵਾ, ਅਤੇ ਰਸੂਲਪੁਰ ਖੁਰਦ ਸਮੇਤ ਕਈ ਪਿੰਡਾਂ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਪ੍ਰਦਰਸ਼ਨ ਵਿੱਚ ਪਿੰਡ ਤਰਸਿੱਕਾ, ਕੋਟ ਖਹਿਰਾ, ਮਾਲੋਵਾਲ, ਡੇਅਰੀਵਾਲ, ਸਰਜਾ, ਯੋਧਾਨਗਰੀ, ਅਤੇ ਜੱਬੋਵਾਲ ਦੇ ਮੌਜੂਦਾ ਅਤੇ ਸਾਬਕਾ ਪੰਚਾਂ-ਸਰਪੰਚਾਂ ਸਮੇਤ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂਆਂ ਨੇ ਵੀ ਸ਼ਿਰਕਤ ਕੀਤੀ।

ਇਕੱਠ ਨੂੰ ਸੰਬੋਧਨ ਕਰਦਿਆਂ, ਆਗੂਆਂ ਨੇ ਸਰਕਾਰ ਦੇ ਇਸ ਫੈਸਲੇ ਨੂੰ ਲੋਕਤੰਤਰ ਵਿਰੋਧੀ ਅਤੇ ਤਾਨਾਸ਼ਾਹੀ ਦੱਸਿਆ। ਉਨ੍ਹਾਂ ਨੇ ਕਿਹਾ ਕਿ ਇਹ ਫੈਸਲਾ ਪਿੰਡਾਂ ਦੇ ਲੋਕਾਂ ਨਾਲ ਸਿੱਧਾ ਧੱਕਾ ਹੈ ਅਤੇ ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਆਗੂਆਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਬਲਾਕ ਤਰਸਿੱਕਾ ਨੂੰ ਬਹਾਲ ਨਹੀਂ ਕੀਤਾ ਜਾਂਦਾ, ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਆਉਣ ਵਾਲੀਆਂ ਬਲਾਕ ਸਮਿਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਅਤੇ ਹਰਭਜਨ ਸਿੰਘ ਈ.ਟੀ.ਓ. ਦਾ ਬਾਈਕਾਟ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਲੋਕਾਂ ਨੂੰ ਇੱਕਜੁੱਟ ਹੋਣ ਦੀ ਅਪੀਲ ਕਰਦਿਆਂ ਕਿਹਾ ਗਿਆ ਕਿ ਜੇਕਰ ਹੁਣ ਸਰਕਾਰ ਨੂੰ ਨਾ ਰੋਕਿਆ ਗਿਆ, ਤਾਂ ਬਾਕੀ ਸਰਕਾਰੀ ਦਫਤਰ ਵੀ ਤਰਸਿੱਕੇ ਤੋਂ ਚਲੇ ਜਾਣਗੇ। ਆਗੂਆਂ ਨੇ ਕਿਹਾ ਕਿ ਉਹ ਆਪਣੇ ਹੱਕਾਂ ਲਈ ਲੜਨਾ ਜਾਰੀ ਰੱਖਣਗੇ ਅਤੇ ਆਪਣੇ ਬਜ਼ੁਰਗਾਂ ਦੇ ਸੰਘਰਸ਼ ਨੂੰ ਅਜਾਈਂ ਨਹੀਂ ਜਾਣ ਦੇਣਗੇ।

ਘੱਗਰ ਦਰਿਆ ਸਬੰਧੀ ਸਥਿਤੀ ਪੂਰੀ ਤਰ੍ਹਾਂ ਕਾਬੂ ਵਿੱਚ: ਹਰਪਾਲ ਸਿੰਘ ਚੀਮਾ

# ਦਰਿਆ ਵਿੱਚ ਪਾਣੀ ਦਾ ਪੱਧਰ 744.3 ਫੁੱਟ; 748 ਫੁੱਟ ਹੈ ਖ਼ਤਰੇ ਦਾ ਨਿਸ਼ਾਨ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਵਿੱਤ ਮੰਤਰੀ, ਪੰਜਾਬ ਸ. ਹਰਪਾਲ ਸਿੰਘ ਚੀਮਾ ਨੇ ਭਾਰੀ ਬਰਸਾਤ ਕਾਰਨ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਨ ਉਪਰੰਤ ਮੀਡੀਆ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਜ਼ਿਲ੍ਹੇ ਵਿੱਚ ਘੱਗਰ ਦਰਿਆ ਸਬੰਧੀ ਹਾਲਾਤ ਕਾਬੂ ਵਿੱਚ ਹਨ। ਇਸ ਵੇਲੇ ਘੱਗਰ ਵਿੱਚ ਪਾਣੀ ਦਾ ਪੱਧਰ ਪੱਧਰ 744.3 ਫੁੱਟ ਹੈ ਜਦਕਿ ਖ਼ਤਰੇ ਦਾ ਨਿਸ਼ਾਨ 748 ਫੁੱਟ 'ਤੇ ਹੈ।

## ਭਾਰੀ ਮੀਂਹ ਕਾਰਨ ਹੋਏ ਨੁਕਸਾਨ ਦਾ ਲੋਕਾਂ ਨੂੰ ਵਿਸ਼ੇਸ਼ ਗਿਰਦਾਵਰੀ ਦੇ ਆਧਾਰ ਉੱਤੇ ਮਿਲੇਗਾ ਢੁਕਵਾਂ ਮੁਆਵਜ਼ਾ

ਰਾਹਤ ਵਾਲੀ ਗੱਲ ਇਹ ਹੈ ਕਿ ਘੱਗਰ ਵਿੱਚ ਆਉਣ ਵਾਲੇ ਪਾਣੀ ਦਾ ਵਹਾਅ ਪਿੱਛੇ ਘਟ ਗਿਆ ਹੈ ਤੇ ਅਗਲੇ 20 ਘੰਟਿਆਂ ਵਿੱਚ ਘੱਗਰ ਵਿਚਲੇ ਪਾਣੀ ਦਾ ਪੱਧਰ ਹੋਰ ਵੀ ਘਟੇਗਾ। ਇਸ ਕਰ ਕੇ ਲੋਕਾਂ ਨੂੰ ਬਿਲਕੁਲ ਵੀ ਘਬਰਾਉਣ ਦੀ ਲੋੜ ਨਹੀਂ ਹੈ। ਸ. ਚੀਮਾ ਨੇ ਦੱਸਿਆ ਕਿ ਜ਼ਿਲ੍ਹੇ ਦੇ ਪਿੰਡ ਸਤੌਜ, ਹਰਿਆਊ, ਡਸਕਾ ਤੇ ਸੰਗਤਪੁਰਾ, ਜਿਨ੍ਹਾਂ ਵਿੱਚ ਭਾਰੀ ਮੀਂਹ ਕਾਰਨ ਦਿੱਕਤਾਂ ਆਈਆਂ ਹਨ, ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਸਰਗਰਮ ਹਨ। ਭਾਰੀ ਮੀਂਹ ਕਾਰਨ ਹੋਏ ਨੁਕਸਾਨ ਦਾ ਲੋਕਾਂ ਨੂੰ ਵਿਸ਼ੇਸ਼ ਗਿਰਦਾਵਰੀ ਦੇ ਆਧਾਰ ਉੱਤੇ ਢੁਕਵਾਂ ਮੁਆਵਜ਼ਾ ਦਿੱਤਾ ਜਾਵੇਗਾ। ਇਸ ਸਬੰਧੀ ਡਿਪਟੀ ਕਮਿਸ਼ਨਰ ਦੀ ਅਗਵਾਈ ਵਿੱਚ ਕਾਰਵਾਈ ਜਾਰੀ ਹੈ।ਸ. ਚੀਮਾ ਨੇ ਦੱਸਿਆ ਕਿ ਇਸ ਕੁਦਰਤੀ ਆਫ਼ਤ ਕਾਰਨ ਜ਼ਿਲ੍ਹੇ ਵਿਚਲੀਆਂ ਡਰੇਨਾਂ ਤੇ ਸੂਇਆਂ ਵਿੱਚ ਪਏ 18 ਪਾੜਾਂ ਵਿੱਚੋਂ 12 ਨੂੰ ਬੰਦ ਕੀਤਾ ਜਾ ਚੁੱਕਿਆ ਹੈ ਤੇ ਬਾਕੀ ਸਬੰਧੀ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ। ਪੰਜਾਬ ਸਰਕਾਰ ਵੱਲੋਂ ਜਲ ਨਿਕਾਸੀ ਸਾਧਨਾਂ ਦੀ ਸਫ਼ਾਈ ਲਈ ਕਰੀਬ 03 ਕਰੋੜ 73 ਲੱਖ ਰੁਪਏ ਜਾਰੀ ਕੀਤੇ ਗਏ ਸਨ ਤੇ ਜੂਨ ਮਹੀਨੇ ਤਕ ਸਫਾਈ ਕਾਰਜ ਮੁਕੰਮਲ ਵੀ ਕਰ ਲਏ ਗਏ ਸਨ। ਪਰ ਪਹਾੜੀ ਰਾਜਾਂ ਵਿੱਚ ਹੋਈ ਬਹੁਤ ਜ਼ਿਆਦਾ ਬਰਸਾਤ ਤੇ ਸਥਾਨਕ ਪੱਧਰ ਉੱਤੇ ਹੋਈ ਭਾਰੀ ਬਰਸਾਤ ਕਾਰਨ ਬੂਟੀ ਮੈਦਾਨੀ ਇਲਾਕਿਆਂ ਦੇ ਨਿਕਾਸੀ ਸਾਧਨਾਂ ਵਿੱਚ ਆ ਫਸੀ, ਜਿਸ ਕਾਰਨ ਦਿੱਕਤ ਆਈ ਹੈ। ਇਸ ਮੁਸ਼ਕਲ ਦੇ ਹੱਲ ਲਈ ਮਸ਼ੀਨੀ ਲਗਾਤਾਰ ਚੱਲ ਰਹੀਆਂ ਹਨ ਤੇ ਬੂਟੀ ਕੱਢਣ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ। ਇਸ ਤੋਂ ਪਹਿਲਾਂ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸ. ਚੀਮਾ ਨੇ ਜਿੱਥੇ ਮੌਜੂਦਾ ਹਾਲਾਤ ਦੀ ਸਮੀਖਿਆ ਕੀਤੀ, ਉੱਥੇ ਜਲ ਸਰੋਤਾਂ ਅਤੇ ਜਲ ਨਿਕਾਸੀ ਦੀ ਸਾਧਨਾਂ ਦੀ ਸਾਫ ਸਫਾਈ ਤੇ ਮਜ਼ਬੂਤੀ ਸਬੰਧੀ ਕਾਰਜਾਂ ਵਿੱਚ ਅਣਗਹਿਲੀ ਵਰਤਣ ਵਾਲੇ ਅਧਿਕਾਰੀਆਂ ਖ਼ਿਲਾਫ਼ ਨਿਯਮਾਂ ਮੁਤਾਬਕ ਕਾਰਵਾਈ ਕੀਤੇ ਜਾਣ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਨੇ ਸਮੂਹ ਅਧਿਕਾਰੀਆਂ ਨੂੰ ਲਗਾਤਾਰ ਫੀਲਡ ਵਿੱਚ ਜਾ ਕੇ ਸਥਿਤੀ ਉੱਤੇ ਨਜ਼ਰ ਰੱਖਣ ਦੀ ਹਦਾਇਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਭਾਰੀ ਮੀਂਹ ਕਾਰਨ ਨਕਸਾਨੇ ਸਕੂਲਾਂ, ਸਿਹਤ ਸੰਸਥਾਵਾਂ ਅਤੇ ਵੱਖ ਵੱਖ ਸਰਕਾਰੀ ਇਮਾਰਤਾਂ ਬਾਬਤ ਵੀ ਸਮੀਖਿਆ ਕੀਤੀ ਤੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਇਹ ਵੀ ਹਦਾਇਤਾਂ ਕੀਤੀਆਂ ਕਿ ਅੱਗੇ ਤੋਂ ਬੁਨਿਆਦੀ ਢਾਂਚੇ ਸਬੰਧੀ ਜਿਹੜੇ ਵੀ ਵਿਕਾਸ ਕਾਰਜ ਹੋਣੇ ਹਨ, ਉਨ੍ਹਾਂ ਬਾਬਤ ਪਾਣੀ ਦੀ ਨਿਕਾਸੀ ਦਾ ਉਚੇਚਾ ਪ੍ਰਬੰਧ ਕੀਤਾ ਜਾਵੇ ।ਸੜਕਾਂ ਦੇ ਨਿਰਮਾਣ ਦੌਰਾਨ ਪਾਣੀ ਦੇ ਵਹਾਅ ਲਈ ਪਾਈਪਾਂ ਦੱਬੀਆਂ ਜਾਣੀਆਂ ਯਕੀਨੀ ਬਣਾਈਆਂ ਜਾਣ। ਜੇਕਰ ਕੋਈ ਸੂਆ ਉੱਚਾ ਕਰ ਕੇ ਬਣਦਾ ਹੈ ਤਾਂ ਉਸ ਦੇ ਥੱਲਿਓਂ ਬਰਸਾਤੀ ਪਾਣੀ ਲੰਘਣ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣੇ ਯਕੀਨੀ ਬਣਾਏ ਜਾਣ। ਕੈਬਨਿਟ ਮੰਤਰੀ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਜਿਹੜੇ ਪਿੰਡਾਂ ਵਿੱਚ ਪਾਣੀ ਲਗਾਤਾਰ ਖੜ੍ਹਾ ਰਿਹਾ ਹੈ ਜਾਂ ਹਾਲੇ ਵੀ ਖੜ੍ਹਾ ਹੈ, ਉੱਥੇ ਵਿਸ਼ੇਸ਼ ਮੈਡੀਕਲ ਮੋਬਾਈਲ ਵੈਨਜ਼ ਭੇਜੀਆਂ ਜਾਣ ਤਾਂ ਜੋ ਲੋਕਾਂ ਨੂੰ ਸਿਹਤ ਸਬੰਧੀ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ। ਪੰਜਾਬ ਸਰਕਾਰ ਹਰ ਹਾਲ ਆਪਣੇ ਲੋਕਾਂ ਦੇ ਨਾਲ ਖੜ੍ਹੀ ਹੈ। ਲੋਕਾਂ ਨੂੰ ਦਰਪੇਸ਼ ਦਿੱਕਤਾਂ ਦੂਰ ਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਲਗਾਤਾਰ ਕੰਮ ਕਰ ਰਹੀਆਂ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਰਾਹਤ ਕਾਰਜਾਂ ਵਿੱਚ ਪੂਰਨ ਸਹਿਯੋਗ ਦਿੱਤਾ ਜਾਵੇ। ਸ. ਚੀਮਾ ਨੇ ਦੱਸਿਆ ਕਿ ਹੜਤਾਲ 'ਤੇ ਚੱਲ ਰਹੇ ਸੀਵਰੇਜ ਕਰਮਚਾਰੀਆਂ ਨਾਲ ਵੀ ਗੱਲਬਾਤ ਜਾਰੀ ਹੈ ਤੇ ਐਮਰਜੈਂਸੀ ਸੇਵਾਵਾਂ ਬਹਾਲ ਹਨ। ਇਸ ਮੌਕੇ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ, ਡਿਪਟੀ ਕਮਿਸ਼ਨਰ ਰਾਹੁਲ ਚਾਬਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ, ਕੈਬਨਿਟ ਮੰਤਰੀ ਦੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ, ਐਸ.ਡੀ.ਐਮ ਸੰਗਰੂਰ ਚਰਨਜੋਤ ਸਿੰਘ ਵਾਲੀਆ, ਐਸ.ਡੀ.ਐਮ ਦਿੜ੍ਹਬਾ ਰਾਜੇਸ਼ ਸ਼ਰਮਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਮੂਨਕ ਖੇਤਰ ਵਿਖੇ ਘੱਗਰ ਦਰਿਆ ਦੇ ਹਾਲਾਤ ਦਾ ਜਾਇਜ਼ਾ

## ਖਨੌਰੀ ਵਿਖੇ ਘੱਗਰ ਦਰਿਆ ਵਿੱਚ ਪਾਣੀ ਦਾ ਪੱਧਰ 744 ਫੁੱਟ; 748 ਫੁੱਟ 'ਤੇ ਹੈ ਖਤਰੇ ਦਾ ਨਿਸ਼ਾਨ



ਮੂਨਕ ( ਰਣਜੀਤ ਸਿੰਘ ਪੇਧਨੀ )- ਡਿਪਟੀ ਕਮਿਸ਼ਨਰ ਸੰਗਰੂਰ ਸ਼੍ਰੀ ਰਾਹੁਲ ਚਾਬਾ ਨੇ ਅੱਜ ਮੂਨਕ ਖੇਤਰ ਵਿਖੇ ਸੰਭਾਵੀ ਹੜ੍ਹਾਂ ਦੀ ਰੋਕਥਾਮ ਹਿਤ ਘੱਗਰ ਦਰਿਆ ਦੇ ਹਾਲਾਤ ਦਾ ਜਾਇਜ਼ਾ ਲਿਆ। ਇਸ ਮੌਕੇ ਉਹਨਾਂ ਨੇ ਮਕਰੌੜ ਸਾਹਿਬ, ਟੋਹਾਣਾ ਰੋਡ ਵਿਖੇ ਘੱਗਰ ਦਰਿਆ ਦੇ ਪੁੱਲ ਸਮੇਤ ਘੱਗਰ ਦੇ ਆਲੇ ਦੁਆਲੇ ਦੀਆਂ ਵੱਖੋ ਵੱਖ ਥਾਂਵਾਂ ਦਾ ਦੌਰਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਵੇਲੇ ਖਨੌਰੀ ਵਿਖੇ ਘੱਗਰ ਦਰਿਆ ਵਿੱਚ ਪਾਣੀ ਦਾ ਪੱਧਰ 744 ਫੁੱਟ ਹੈ ਅਤੇ ਓਥੇ 748 ਫੁੱਟ ਤੋਂ ਖਤਰੇ ਦਾ ਨਿਸ਼ਾਨ ਸ਼ੁਰੂ ਹੁੰਦਾ ਹੈ। ਇਸ ਵੇਲੇ ਕਿਸੇ ਵੀ ਕਿਸਮ ਦੀ ਹੜ੍ਹ ਸਬੰਧੀ ਸਥਿਤੀ ਨਹੀਂ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਰੰਤਰ ਘੱਗਰ ਦਰਿਆ 'ਚ ਪਾਣੀ ਦੇ ਪੱਧਰ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਨਹਿਰੀ ਵਿਭਾਗ, ਮਾਲ ਵਿਭਾਗ, ਪੁਲੀਸ ਅਤੇ ਹੋਰ ਵਿਭਾਗਾਂ ਵੱਲੋਂ ਨਿਰੰਤਰ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਨਜ਼ਰ ਰੱਖੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਕਰੌੜ ਸਾਹਿਬ ਤੋਂ ਥੱਲੇ ਨੂੰ ਦਰਿਆ ਦੀ ਚੌੜਾਈ ਘੱਟ ਜਾਂਦੀ ਹੈ ਅਤੇ ਪਾਣੀ ਦੀ ਗਤੀ ਵਧ ਜਾਂਦੀ ਹੈ, ਜਿਸ ਕਾਰਨ ਬੀਤੇ ਸਮਿਆਂ ਵਿੱਚ ਦਰਿਆ ਵਿੱਚ ਪਾੜ ਪੈਂਦੇ ਰਹੇ ਹਨ। ਪੰਜਾਬ ਸਰਕਾਰ ਵੱਲੋਂ ਦਰਿਆ ਦੇ ਕੰਢੇ ਚੌੜੇ ਤੇ ਮਜ਼ਬੂਤ ਕੀਤੇ ਗਏ ਹਨ, ਜਿਸ ਨਾਲ ਇਕ ਤਾਂ ਪਾੜ ਪੈਣ ਦੀ ਸੰਭਾਵਨਾ ਘੱਟ ਗਈ ਹੈ, ਦੂਜਾ ਜੇਕਰ ਲੋੜ ਪੈਂਦੀ ਹੈ ਤਾਂ ਦਰਿਆ ਦੇ ਕੰਢੇ ਉੱਤੇ ਮਸ਼ੀਨਰੀ ਸੌਖੇ ਤਰੀਕੇ ਨਾਲ ਚੱਲ ਸਕਦੀ ਹੈ। ਵੈਸੇ ਹੁਣ ਘੱਗਰ ਵਿੱਚ ਪਾਣੀ ਦਾ ਪੱਧਰ ਲਗਾਤਾਰ ਘੱਟ ਰਿਹਾ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 35 ਹਜ਼ਾਰ ਤੋਂ ਵਧੇਰੇ ਗੱਟੇ ਰੇਤੇ ਦੇ ਤਿਆਰ ਰੱਖੇ ਗਏ ਹਨ ਤੇ ਹੋਰ ਗੱਟੇ ਭਰਨ ਦਾ ਕੰਮ ਜਾਰੀ ਹੈ। ਇਸ ਦੇ ਨਾਲ ਨਾਲ ਲੋਹੇ ਦੇ ਜਾਲਾਂ ਦਾ ਵੀ ਪੂਰਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਜਿਵੇਂ ਹੀ ਹੜ੍ਹ ਸਬੰਧੀ ਕੋਈ ਅਲਰਟ ਪ੍ਰਾਪਤ ਹੁੰਦਾ ਹੈ ਤਾਂ ਫੌਰੀ ਹੀ ਪਿੰਡ ਵਾਸੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਤਬਦੀਲ ਕਰ ਦਿੱਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕੰਟਰੋਲ ਰੂਮ ਸਥਾਪਤ ਕੀਤੇ ਜਾ ਚੁੱਕੇ ਹਨ। ਰਾਹਤ ਕੈਂਪਾਂ ਦੀ ਸੂਚੀ, ਕਮਿਊਨੀਕੇਸ਼ਨ ਪਲਾਨ, ਹੌਟ ਸਪੌਟ ਸਥਾਨਾਂ ਦੀ ਸੂਚੀ ਵੀ ਤਿਆਰ ਕਰ ਲਈ ਗਈ ਹੈ। ਇਸੇ ਤਰ੍ਹਾਂ ਮੁੱਖ ਖੇਤੀਬਾੜੀ ਅਫ਼ਸਰ ਅਤੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਨੂੰ ਪਸ਼ੂਆਂ ਲਈ ਹਰਾ ਅਤੇ ਸੁੱਕਾ ਚਾਰੇ ਦਾ ਪ੍ਰਬੰਧ ਕਰਨ ਬਾਰੇ ਕਿਹਾ ਗਿਆ ਹੈ। ਇਸ ਮੌਕੇ ਐੱਸ.ਡੀ.ਐਮ ਲਹਿਰਾ ਸੂਬਾ ਸਿੰਘ, ਸ੍ਰ ਬੂਟਾ ਸਿੰਘ ਕਾਰਜਕਾਰੀ ਇੰਜੀਨੀਅਰ ਨਹਿਰੀ ਵਿਭਾਗ, ਸ਼੍ਰੀ ਅਰਵਿੰਦ ਜੋਸ਼ੀ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਸ਼੍ਰੀ ਸੌਰਭ ਸੱਭਰਵਾਲ ਐੱਸ ਐੱਚ ਓ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਅਨੁਸੂਚਿਤ ਜਾਤੀ ਉਮੀਦਵਾਰਾਂ ਲਈ ਸਪੈਸ਼ਲ ਮੁਫਤ ਡੇਅਰੀ ਸਿਖਲਾਈ ਕੋਰਸ ਲਈ ਬਿਨੈਕਾਰਾਂ ਦੀ ਚੋਣ/ਕਾਊਂਸਲਿੰਗ 8 ਸਤੰਬਰ ਨੂੰ

## ਸਰਕਾਰ ਵੱਲੋਂ ਸਿਖਲਾਈ ਪ੍ਰਾਪਤ ਕਰਨ ਵਾਲੇ ਉਮੀਦਵਾਰਾਂ ਨੂੰ ਮਿਲੇਗਾ 3500 /- ਵਜ਼ੀਫਾ - ਡਿਪਟੀ ਡਾਇਰੈਕਟਰ ਡੇਅਰੀ ਵਿਕਾਸ

ਸੰਗਰੂਰ ( ਰਣਜੀਤ ਸਿੰਘ ਪੇਧਨੀ ) ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਗਰੀਬੀ ਦੇ ਪੱਧਰ ਨੂੰ ਉੱਚਾ ਚੁੱਕਣ ਅਤੇ ਡੇਅਰੀ ਧੰਦੇ ਨੂੰ ਪ੍ਰਫੁੱਲਤ ਕਰਨ ਲਈ ਅਨੁਸੂਚਿਤ ਜਾਤੀ ਉਮੀਦਵਾਰਾਂ ਲਈ ਮੁਫਤ ਡੇਅਰੀ ਸਿਖਲਾਈ ਕੋਰਸ ਸ਼ੁਰੂ ਕੀਤਾ ਜਾ ਰਿਹਾ ਹੈ ਤਾਂ ਜੋ ਸੂਬੇ ਨੂੰ ਆਤਮ ਨਿਰਭਰ ਬਣਾਉਣ ਲਈ ਇਨ੍ਹਾਂ ਅਗਾਂਹਵਧੂ ਸਕੀਮਾਂ ਨਾਲ ਅਨੁਸੂਚਿਤ ਜਾਤੀ ਦੇ ਦੁੱਧ ਉਤਪਾਦਕਾਂ ਨੂੰ ਭਰਪੂਰ ਵਿੱਤੀ ਲਾਭ ਦਿੱਤਾ ਜਾ ਸਕੇ।

ਸ੍ਰੀ ਚਰਨਜੀਤ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਸੰਗਰੂਰ ਨੇ ਦੱਸਿਆ ਕਿ ਮਿਤੀ 15 ਸਤੰਬਰ 2025 ਨੂੰ ਦੋ ਹਫਤੇ ਦਾ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਅਨੁਸੂਚਿਤ ਜਾਤੀ ਸਪੈਸ਼ਲ ਡੇਅਰੀ ਸਿਖਲਾਈ ਕੋਰਸ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ ਸੰਗਰੂਰ ਵਿਖੇ ਸ਼ੁਰੂ ਕੀਤਾ ਜਾ ਰਿਹਾ ਹੈ। ਸਿਖਿਆਰਥੀਆਂ ਦੀ ਕਾਊਂਸਲਿੰਗ/ਚੋਣ ਮਿਤੀ 08 ਸਤੰਬਰ 2025 ਨੂੰ ਸਵੇਰੇ 10.00 ਵਜੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸੰਗਰੂਰ ਵਿਖੇ ਕੀਤੀ ਜਾਣੀ ਹੈ।ਉਨ੍ਹਾਂ ਨੇ ਦੱਸਿਆ ਕਿ ਸਿਖਲਾਈ ਪ੍ਰਾਪਤ ਕਰਨ ਦੇ ਚਾਹਵਾਨ ਉਮੀਦਵਾਰ ਦਫਤਰ ਵਿਖੇ ਘੱਟੋ ਘੱਟ ਪੰਜਵੀਂ ਪਾਸ ਦਾ ਸਰਟੀਫਿਕੇਟ, ਅਨੁਸੂਚਿਤ ਜਾਤੀ ਸਰਟੀਫਿਕੇਟ, ਅਧਾਰ ਕਾਰਡ, ਬੈਂਕ ਖਾਤੇ ਦੀ ਕਾਪੀ, 1 ਫੋਟੋ ਨਾਲ ਲੈ ਕੇ ਆਉਣ। ਸਿਖਿਆਰਥੀਆਂ ਲਈ ਟ੍ਰੇਨਿੰਗ ਦੀ ਉਮਰ 18 ਤੋਂ 55 ਸਾਲ ਅਤੇ ਪਿੰਡ ਦਾ ਵਸਨੀਕ ਹੋਣਾ ਜ਼ਰੂਰੀ ਹੈ।ਚਾਹਵਾਨ ਉਮੀਦਵਾਰ ਦਫਤਰ ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਨੇੜੇ ਮੱਛੀ ਪਾਲਣ ਦਫਤਰ, ਪਟਿਆਲਾ ਗੇਟ, ਸੰਗਰੂਰ ਵਿਖੇ ਕਾਉਂਸਲਿੰਗ ਲਈ ਆਉਣ। ਅਨੁਸੂਚਿਤ ਜਾਤੀ ਦੇ ਉਮੀਦਵਾਰ ਵੱਧ ਤੋਂ ਵੱਧ ਸਰਕਾਰ ਦੀ ਇਸ ਸਕੀਮ ਦਾ ਲਾਹਾ ਲੈਣ। ਵਧੇਰੇ ਜਾਣਕਾਰੀ ਲਈ 78885-71527 ਤੇ ਸੰਪਰਕ ਕਰ ਲਿਆ ਜਾਵੇ ਜੀ ਉਹਨਾਂ ਕਿਹਾ ਕਿ ਇਹ ਸਕੀਮ ਮਰਦ ਅਤੇ ਔਰਤ ਦੋਨਾਂ ਲਈ ਹੋਵੇਗੀ,ਲੇਕਿਨ ਵਿਆਹੀਆਂ ਔਰਤਾਂ ਹੀ ਇਹ ਟ੍ਰੇਨਿੰਗ ਲਈ ਹੱਕਦਾਰ ਹੋਣਗੀਆਂ।

ਉਹਨਾਂ ਕਿਹਾ ਕਿ ਸਿਖਲਾਈ ਪ੍ਰਾਪਤ ਕਰ ਚੁੱਕੇ ਸਿਖਿਆਰਥੀਆਂ ਨੂੰ ਵਿਭਾਗ ਵੱਲੋਂ 2,5 ਅਤੇ 10 ਪਸ਼ੂਆਂ ਲਈ ਬੈਂਕ ਤੋਂ ਲੋਨ ਮੁਹਈਆ ਕਰਾਇਆ ਜਾਂਦਾ ਹੈ। ਜਿਸਤੇ ਪੰਜਾਬ ਸਰਕਾਰ ਵੱਲੋਂ 33 ਫੀਸਦੀ ਵਿੱਤੀ ਸਹਾਇਤਾ ਦੀ ਸਹੂਲਤ ਪ੍ਰਦਾਨ ਕੀਤੀ ਜਾਂਦੀ ਹੈ। ਸਿਖਲਾਈ ਵਿੱਚ ਸਿਖਿਆਰਥੀਆਂ ਨੂੰ ਦੁਧਾਰੂ ਪਸ਼ੂਆਂ ਦੀ ਖਰੀਦ ਤੋਂ ਲੈ ਕੇ ਰੱਖ ਰਖਾਵ, ਖਾਦ ਖੁਰਾਕ, ਨਸਲ ਸੁਧਾਰ, ਸਾਂਭ ਸੰਭਾਲ ਅਤੇ ਸੁੱਚਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੀਸਗੰਜ ਸਾਹਿਬ ਤਰਾਵੜੀ ਕਰਨਾਲ ਵਿਖੇ

# 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਮਹਾਨ ਸਿੱਖ ਭਾਈ ਦੇਵਾ ਰਾਮ ਜੀ ਦੀ ਸੇਵਾ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਆਯੋਜਿਤ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਲਗਵਾਈ ਹਾਜ਼ਰੀ













ਆਵਾਜ਼ਿ ਕੌਮ
AWAZE QAUM
International Newspaper & WEB TV



ਗੁਰਦੁਆਰਾ ਸੀਸਗੰਜ ਸਾਹਿਬ ਤਰਾਵੜੀ ਕਰਨਾਲ ਵਿਖੇ ਅੱਜ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਮਹਾਨ ਸਿੱਖ ਭਾਈ ਦੇਵਾ ਰਾਮ ਜੀ ਦੀ ਸੇਵਾ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਕੀਤੇ ਗਏ ਵਿਸੇਸ਼ ਸੱਦੇ ਤੇ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਭਾਈ ਪ੍ਰਿਤਪਾਲ ਸਿੰਘ ਬਰਗਾੜੀ ਕਵੀਸ਼ਰੀ ਜੱਥਾ ਅਤੇ ਭਾਈ ਪੰਜਾਬ ਸਿੰਘ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸ. ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਸ. ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਅਤੇ ਚੇਅਰਮੈਨ ਲੰਗਰ ਖਰੀਦ,ਬੀਬੀ ਕਪੂਰ ਕੌਰ ਸੌਂਕੜਾ ਮੈਂਬਰ ਦੇ ਪ੍ਰਤੀਨਿਧ ਸਰਪੰਚ ਭੁਪਿੰਦਰ ਸਿੰਘ ਲਾਡੀ ਸੌਂਕੜਾ ਪ੍ਰਧਾਨ ਸਰਪੰਚ ਯੂਨੀਅਨ ਨੀਲੋਂਖੇੜੀ,ਸ. ਗੁਲਾਬ ਸਿੰਘ ਮੂਨਕ ਸਾਬਕਾ ਮੈਂਬਰ ਅਤੇ ਪ੍ਰਤੀਨਿਧ ਬੀਬੀ ਸਿਮਰਨਜੀਤ ਕੌਰ ਮੈਂਬਰ ਅਤੇ ਕਾਰ ਸੇਵਾ ਵਾਲੇ ਮਹਾਂਪੁਰਸ਼ ਜਥੇਦਾਰ ਬਾਬਾ ਜੋਗਾ ਸਿੰਘ ਤਰਾਵੜੀ ਇਸ ਸਮੇਂ ਹਾਜ਼ਰ ਸਨ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਗੁਰਮਤਿ ਸਮਾਗਮ ਦਾ ਆਨੰਦ ਮਾਣਿਆ ਗੁਰੂ ਕਾ ਲੰਗਰ ਅਤੁੱਟ ਵਰਤਿਆ ਸਭ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।









## ਮੌਂਟਰੀਆਲ ਕੈਨੇਡਾ ਵਿੱਚ

# ਭਾਈ ਪਿੰਦਰਪਾਲ ਸਿੰਘ ਦਾ ਗੋਲਡ ਮੈਡਲ ਨਾਲ ਸਨਮਾਨ



**ਨਵੀਂ ਦਿੱਲੀ 28 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਪੰਥ ਪ੍ਰਸਿੱਧ ਕਥਾਵਾਚਕ ਭਾਈ ਪਿੰਦਰਪਾਲ ਸਿੰਘ ਜੀ ਵੱਲੋ ਕਨੇਡਾ ਦੇ ਮੌਂਟਰੀਆਲ ਸਹਿਰ ਵਿੱਚ ਤਿੰਨ ਰੋਜਾ ਕਥਾ ਦੀ ਹਾਜ਼ਰੀ ਗੁਰਦੁਆਰਾ ਗੁਰੂ ਨਾਨਕ ਦਰਬਾਰ ਲਸਾਲ ਪਾਰਕ ਹਡਸਨ ਵਿਖੇ ਭਰੀ ਗਈ। ਤਿੰਨ ਦਿਨ ਚਲੇ ਪ੍ਰੋਗਰਾਮ ਵਿਚ ਹਜਾਰਾਂ ਦੀ ਗਿਣਤੀ ਵਿੱਚ ਸੰਗਤਾ ਨੇ ਕਥਾ ਦਾ ਲਾਹਾ ਲਿਆ ।ਕਥਾ ਦੌਰਾਨ ਭਾਈ ਪਿੰਦਰਪਾਲ ਸਿੰਘ ਨੇ ਹਰ ਸਿੱਖ ਨੂੰ ਗੁਰੂ ਨਾਲ ਜੁੜਨ ਦੀ ਪ੍ਰੇਰਣਾ ਦਿੱਤੀ । ਜਿਕਰਯੋਗ ਹੈ ਕਿ ਤਿੰਨ ਦਿਨ ਸੰਗਤਾ ਦਾ ਠਾਠਾਂ ਮਾਰਦਾ ਇਕੱਠ ਮੌਂਟਰੀਆਲ ਦੇ ਇਤਿਹਾਸ ਵਿੱਚ ਪਹਿਲੀ ਵਾਰ ਵੇਖਣ ਨੂੰ ਮਿਲਿਆ ਸੀ । ਇਸ ਮੌਕੇ ਸ਼ਾਨੇ ਪੰਜਾਬ ਐਸੋਸੀਏਸ਼ਨ ਵੱਲੋ ਭਾਈ ਪਿੰਦਰਪਾਲ ਸਿੰਘ ਦਾ ਗੋਲਡ ਮੈਡਲ ਨਾਲ ਵਿਸੇਸ਼ ਤੋਰ ਤੇ ਸਨਮਾਨ ਕੀਤਾ ਗਿਆ। ਭਾਈ ਪਿੰਦਰਪਾਲ ਸਿੰਘ ਦੇ ਮੌਂਟਰੀਆਲ ਪਹੁੰਚਣ ਤੇ ਗੁਰੂ ਘਰ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਭਾਊ, ਸਟੇਜ ਸੈਕਟਰੀ ਗੁਰਅਮਰੀਕ ਸਿੰਘ, ਅਵਤਾਰ ਸਿੰਘ, ਜਰਨਲ ਸਕੱਤਰ ਜਸਵਿੰਦਰ ਸਿੰਘ, ਬਲਰਾਜ ਸਿੰਘ, ਕਮਲਜੀਤ ਸਿੰਘ, ਗੁਰਮੁੱਖ ਸਿੰਘ, ਮਨਜੀਤ ਸਿੰਘ ਗਿੱਲ ਤੇ ਸਾਨੇ ਪੰਜਾਬ ਦੇ ਨਰਿੰਦਰ ਸਿੰਘ ਮਿਨਹਾਸ, ਜਤਿੰਦਰ ਸਿੰਘ ਮੁਲਤਾਨੀ, ਸਰਬਜੀਤ ਸਿੰਘ ਮਿਨਹਾਸ, ਹਰਦੀਪ ਸਿੰਘ ਬਾਈ ਵੱਲੋ ਭਾਈ ਪਿੰਦਰਪਾਲ ਸਿੰਘ ਦਾ ਧੰਨਵਾਦ ਕੀਤਾ ਗਿਆ ਤੇ ਅੱਗੇ ਵੀ ਸੰਗਤਾਂ ਨੂੰ ਕਥਾ ਦੁਆਰਾ ਨਿਹਾਲ ਕਰਣ ਲਈ ਬੇਨਤੀ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

## ਨਵਾਂ ਗੁਰਬਾਣੀ ਟਰੈਕ "ਅਬ ਰਾਖਹੁ ਦਾਸ ਭਾਟ ਕੀ ਲਾਜ" - ਭਾਈ ਹਰਪ੍ਰੀਤ ਸਿੰਘ ਜੀ (ਸ਼੍ਰੀ ਅੰਮ੍ਰਿਤਸਰ ਸਾਹਿਬ ਵਾਲੇ) ਵੱਲੋਂ ਰਿਲੀਜ਼




ਪਿਆਰੀ ਸੰਗਤ ਜੀ, ਗੁਰਬਾਣੀ ਦੀ ਮਹਿਮਾ ਤੇ ਮਹਾਨਤਾ ਅਸੀਂ ਹਰ ਰੂਹਾਨੀ ਅਨੁਭਵ ਵਿੱਚ ਮਹਿਸੂਸ ਕਰਦੇ ਹਾਂ ਭਾਈ ਹਰਪ੍ਰੀਤ ਸਿੰਘ ਜੀ (ਸ਼੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ)ਵੱਲੋਂ ਨਵਾਂ ਗੁਰਬਾਣੀ ਟਰੈਕ "ਅਬ ਰਾਖੋ ਦਾਸਭਾਟ ਕੀ ਲਾਜ" ਸੰਗਤ ਲਈ ਅਰਪਿਤ ਕੀਤਾ ਗਿਆ ਹੈ। ਇਹ ਕੀਰਤਨ ਸਾਡੇ ਮਨ ਨੂੰ ਗੁਰੂ ਜੀ ਦੇ ਬਾਣੀ ਦੇ ਮਾਧਵਿਕ ਇਹਸਾਸ ਨਾਲ ਜੋੜਦਾ ਹੈ। ਪ੍ਰਭੂ ਦੀ ਕੀਰਤੀ ਦੇ ਮਾਰਗ ਤੇ ਚਲਦਿਆਂ ਇਹ ਟਰੈਕ ਆਧੁਨਿਕ ਧੁਨੀਆਂ ਦੇ ਨਾਲ ਸੰਗਤ ਦਾ ਰੂਹਾਨੀ ਸੰਬੰਧ ਮਜ਼ਬੂਤ ਕਰਦਾ ਹੈ। ਡਿਜਿਟਲ ਪਲੇਟਫਾਰਮਾਂ ਉੱਤੇ ਰਿਲੀਜ਼ ਹੋਣ ਕਰਕੇ, "ਅਬ ਰਾਖਹੁ ਦਾਸ ਭਟ ਕੀ ਲਾਜ" ਵਿਸ਼ਵ ਭਰ ਦੀ ਸੰਗਤ ਨੂੰ ਉਪਲਬਧ ਹੈ। YouTube ਤੇ "ਅਬ ਰਾਖਹੁ ਦਾਸ ਭਾਟ ਕੀ ਲਾਜ" ਸੁਣੋ।

### ਯੁਵਕ ਸੇਵਾਵਾਂ ਵਿਭਾਗ, ਪੰਜਾਬ ਵੱਲੋਂ ਨਸ਼ਿਆਂ ਵਿਰੁੱਧ ਅਭਿਆਨ ਤਹਿਤ

# ਪਿੰਡ ਬੁੱਧ ਸਿੰਘ ਵਾਲਾ ਅਤੇ ਸਾਫੂਵਾਲਾ (ਬਲਾਕ ਮੋਗਾ 1) ਵਿਖੇ ਪ੍ਰੋਗਰਾਮ ਕਰਵਾਏ ਗਏ







**ਮੋਗਾ, 28 ਅਗਸਤ (ਆਵਾਜਿ ਕੌਮ ਬਿਊਰੋ ਰਿਪੋਰਟ)**-ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਦਵਿੰਦਰ ਸਿੰਘ ਲੋਟੇ, ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਮੋਗਾ ਦੀ ਅਗਵਾਈ ਵਿੱਚ ਵਿਭਾਗ ਨਾਲ ਐਫੀਲੀਏਟਡ ਯੂਥ ਕਲੱਬਾਂ ਰਾਹੀਂ ਕਰਵਾਏ ਜਾ ਰਹੇ ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਦੌਰਾਨ ਯੁਵਕ ਸੇਵਾਵਾਂ ਕਲੱਬ ਦੇ ਨਾਲ ਮਿਲ ਕੇ ਪਿੰਡ ਬੁੱਧ ਸਿੰਘ ਵਾਲਾ ਅਤੇ ਸਾਫੂਵਾਲਾ ਵਿਖੇ ਸੈਮੀਨਾਰ ਅਤੇ ਨੁੱਕੜ ਨਾਟਕ ਰਾਹੀਂ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

ਇਸ ਸਮਾਗਮ ਮੌਕੇ ਸਹਾਇਕ ਡਾਇਰੈਕਟਰ ਦਵਿੰਦਰ ਸਿੰਘ ਲੋਟੇ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਕਰਕੇ ਰੰਗਲਾ ਪੰਜਾਬ ਬਣਾਉਣ ਲਈ ਕਾਰਜਸ਼ੀਲ ਹੈ। ਉਨ੍ਹਾਂ ਨੇ ਨੌਜਵਾਨ ਵਰਗ ਨੂੰ ਆਪਣੀ ਸ਼ਕਤੀ ਸਹੀ ਦਿਸ਼ਾ ਵੱਲ ਲਗਾ ਕੇ ਪਰਿਵਾਰ, ਸਮਾਜ ਅਤੇ ਰਾਸ਼ਟਰ ਦੀ ਬੇਹਤਰੀ ਵੱਲ ਲਗਾਉਣਾ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਕੀਤਾ ਜਾਵੇਗਾ। ਇਸ ਮੌਕੇ ਸ਼੍ਰੀਮਤੀ ਰਜਨੀ ਬਾਲਾ, ਕਾਉਂਸਲਰ, ਓਟ ਸੈਂਟਰ ਠੱਠੀ ਭਾਈ ਅਤੇ ਸ਼੍ਰੀ ਗੁਰਤੇਜ ਸਿੰਘ, ਕਾਉਂਸਲਰ, ਓਟ ਸੈਂਟਰ ਚੰਦਨਵਾਂ ਨੇ ਦੱਸਿਆ ਕਿ ਨਸ਼ਿਆਂ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਦੇ ਇਲਾਜ ਲਈ ਪੰਜਾਬ ਸਰਕਾਰ ਦੇ ਸਿਹਤ ਵਿਭਾਗ ਵੱਲੋਂ ਨਸ਼ਾ ਮੁਕਤ ਕਰਨ ਲਈ ਇਲਾਜ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਨੇ ਨਸ਼ਿਆਂ ਤੋਂ ਨਿਜਾਤ ਪਾਉਣ ਦੇ ਨੁਕਤੇ ਸਮਝਾਏ। ਇਸ ਸਮੇਂ ਵੰਨ ਐਸ਼ ਆਹਟ, ਮੋਹਾਲੀ ਦੀ ਟੀਮ ਵੱਲੋਂ (ਅਸੀਂ ਬੋਲਾਂਗੇ ਸੱਚ, ਜੋ ਹੈ ਸਾਡਾ ਹੱਕ) ਨੁਕੜ ਨਾਟਕ ਰਾਹੀਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਨੂੰ ਰੂਪਮਾਨ ਕਰਦਿਆਂ ਇਸ ਦੇ ਖ਼ਾਤਮੇ ਦਾ ਸੰਦੇਸ਼ ਦਿੱਤਾ ਗਿਆ। ਸਾਰੀਆਂ ਸਤਿਕਾਰਤ ਸਖਸ਼ੀਅਤਾਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਯੁਵਕ ਸੇਵਾਵਾਂ ਕਲੱਬ ਬੁੱਧ ਸਿੰਘ ਵਾਲਾ ਦੇ ਅਹੁਦੇਦਾਰਾਂ ਗੁਰਦਿੱਤ ਸਿੰਘ, ਗੁਰਸੇਵਕ ਸਿੰਘ, ਸਤਨਾਮ ਸਿੰਘ, ਪਰਮਿੰਦਰ ਸਿੰਘ, ਯੋਗਰਾਜ ਸਿੰਘ, ਲਵਪ੍ਰੀਤ ਸਿੰਘ, ਯਾਦਵਿੰਦਰ ਸਿੰਘ, ਪਿੰਡ ਦੇ ਸਰਪੰਚ ਸੁਖਦੇਵ ਸਿੰਘ ਵੱਲੋਂ ਅਤੇ ਇਸੇ ਤਰ੍ਹਾਂ ਹੀ ਯੁਵਕ ਸੇਵਾਵਾਂ ਕਲੱਬ, ਸਾਫੂਵਾਲਾ ਦੇ ਪ੍ਰਧਾਨ ਇੰਦਰਜੀਤ ਸਿੰਘ, ਗੁਰਵਿੰਦਰ ਸਿੰਘ, ਲਵਪ੍ਰੀਤ ਸਿੰਘ ਵੱਲੋਂ ਪੂਰਨ ਸਹਿਯੋਗ ਕਰਕੇ ਇਸ ਜਾਗਰੂਕਤਾ ਪ੍ਰੋਗਰਾਮ ਨੂੰ ਸਫਲ ਬਣਾਇਆ ਗਿਆ। ਪਤਵੰਤੇ ਸੱਜਣਾਂ ਅਤੇ ਨੌਜਵਾਨਾਂ ਨੂੰ ਮੋਮੈਂਟੋ ਅਤੇ ਸਰਟੀਫਿਕਟ ਦੇ ਕੇ ਸਨਮਾਨਿਤ ਕੀਤਾ ਗਿਆ।

-ਗੁਰਪ੍ਰੀਤ ਸਿੰਘ, ਮੋਗਾ

ਆਵਾਜ਼ਿ ਕੌਮ AWAZE QAUM International Newspaper & WEB TV

**ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਕੀਤਾ ਜਾਵੇਗਾ: ਦਵਿੰਦਰ ਸਿੰਘ ਲੋਟੇ**

### ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਦੀ ਨਿਗਰਾਨੀ ਵਿੱਚ ਪਿੰਡ ਗੁਲਪੁਰ ਸਿੰਬਲੀ ਵਿਖੇ

# ਯੂ.ਬੀ.ਡੀ.ਸੀ. ਨਹਿਰ ਤੇ ਲਗਾਏ ਗਏ ਲੋਹੇ ਦੇ ਗੇਟ

**ਪਠਾਨਕੋਟ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਇੱਕ ਹਫਤੇ ਤੋਂ ਲਗਾਤਾਰ ਜੰਮੂ ਕਸਮੀਰ ਅਤੇ ਹਿਮਾਚਲ ਵਿੱਚ ਤੇਜ ਬਾਰਿਸ ਦੇ ਕਾਰਨ ਜਿਲ੍ਹਾ ਪਠਾਨਕੋਟ ਦੇ ਜਿਆਦਾਤਰ ਖੇਤਰਾਂ ਅੰਦਰ ਹੜ੍ਹ ਦੀ ਸਥਿਤੀ ਬਣ ਗਈ ਸੀ ਅੱਜ ਮੌਸਮ ਠੀਕ ਹੋਣ ਤੋਂ ਬਾਅਦ ਲੋਕਾਂ ਨੂੰ ਥੋੜੀ ਰਾਹਤ ਮਿਲੀ ਹੈ ਅਤੇ ਇਸ ਦੇ ਨਾਲ ਹੀ ਜਿਲ੍ਹਾ ਪ੍ਰਸਾਸਨ ਰਾਹਤ ਕਾਰਜਾਂ ਵਿੱਚ ਜੁਟ ਗਿਆ ਹੈ। ਇਹ ਪ੍ਰਗਟਾਵਾ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਅੱਜ ਪਿੰਡ ਗੁਲਪੁਰ ਸਿੰਬਲੀ ਵਿਖੇ ਯੂ.ਬੀ.ਡੀ.ਸੀ. ਨਹਿਰ ਤੇ ਕੀਤੇ ਜਾ ਰਹੇ ਬੈਰੀਕੇਟਿੰਗ ਦੇ ਕਾਰਜਾਂ ਦਾ ਨਿਰੀਖਣ ਕਰਨ ਦੋਰਾਨ ਕੀਤਾ। ਜਿਕਰਯੋਗ ਹੈ ਕਿ ਰਣਜੀਤ ਸਾਗਰ ਡੈਮ ਅੰਦਰ ਜਿਆਦਾ ਪਾਣੀ ਆਉਂਣ ਕਰਕੇ ਰਾਵੀ ਦਰਿਆ ਵਿੱਚ ਪਾਣੀ ਛੱਡਣਾ ਪੈ ਗਿਆ ਸੀ ਜਿਸ ਦੇ ਚਲਦਿਆਂ ਮਾਧੋਪੁਰ ਵਿਖੇ ਬੈਰੀਕੇਟ ਟੁੱਟਣ ਕਰਕੇ ਪਾਣੀ ਓਵਰਫਲੋ ਹੋ ਕੇ ਯੂ.ਬੀ.ਡੀ.ਸੀ. ਨਹਿਰ ਵਿੱਚ ਚਲਾ ਗਿਆ ਅਤੇ ਕਈ ਸਥਾਨਾਂ ਤੋਂ ਨਹਿਰ ਦਾ ਪਾਣੀ ਰਹਾਇਸੀ ਖੇਤਰਾਂ ਅੰਦਰ ਦਾਖਲ ਹੋ ਗਿਆ। ਅੱਜ ਰਾਹਤ ਮਿਲਣ ਤੇ ਵਿਭਾਗ ਵੱਲੋਂ ਇਸ ਪ੍ਰਭਾਵਿੱਤ ਖੇਤਰ ਅੰਦਰ ਨਹਿਰ ਤੇ ਬੈਰੀਕੇਟ ਲਗਾ ਕੇ ਪਾਣੀ ਦੇ ਬਹਾਓ ਨੂੰ ਰੋਕਿਆ ਗਿਆ। ਇਸ ਮੋਕੇ ਤੇ ਜਾਣਕਾਰੀ ਦਿੰਦਿਆਂ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਮਾਧੋਪੁਰ ਤੋਂ ਪਾਣੀ ਓਵਰਫਲੋ ਹੋ ਕੇ ਨਹਿਰਾਂ ਅੰਦਰ ਚਲਿਆ ਗਿਆ, ਜਿਸ ਦੇ ਚਲਦਿਆਂ ਯੂ.ਬੀ.ਡੀ.ਸੀ. ਨਹਿਰ, ਮਾਧੋਪੁਰ ਬਿਆਸ ਲਿੰਕ ਨਹਿਰ ਅਤੇ ਹੋਰ ਕਈ ਨਹਿਰਾਂ ਅੰਦਰ ਪਾਣੀ ਦੀ ਸਮਰੱਥਾ ਵੱਧ ਗਈ। ਉਨ੍ਹਾਂ ਦੱਸਿਆ ਕਿ ਇਸ ਦੋਰਾਨ ਯੂ.ਬੀ.ਡੀ.ਸੀ. ਨਹਿਰ ਤੇ ਗੁਲਪੁਰ ਸਿੰਬਲੀ ਦੇ ਨਜਦੀਕ ਨਹਿਰ ਤੋਂ ਨਿਕਲਣ ਵਾਲੇ ਮੋਗਿਆਂ ਅਤੇ ਨਿਕਾਸੀ ਨਹਿਰ ਦੇ ਚਲਦਿਆਂ ਯੂ.ਬੀ.ਡੀ.ਸੀ. ਨਹਿਰ ਦਾ ਜਿਆਦਾਤਰ ਪਾਣੀ ਆਬਾਦੀ ਖੇਤਰ ਅੰਦਰ ਚਲਇਆ ਗਿਆ। ਜਿਸ ਦੋਰਾਨ ਗੁਲਪੁਰ ਸਿੰਬਲੀ, ਬਾਜੀਗਰ ਭਾਈਚਾਰੇ ਦੇ ਡੇਰੇ, ਸਮਰਾਲਾ, ਸੁਕਾਲਗੜ੍ਹ ਸਾਰੇ ਪਿੰਡ ਪ੍ਰਭਾਵਿੱਤ ਹੋਏ, ਉਨ੍ਹਾਂ ਖੁਦ ਵੀ ਪਿਛਲੇ ਦਿਨ ਦੋਰਾਨ ਖੇਤਰ ਦਾ ਦੋਰਾ ਕੀਤਾ ਸੀ ਅਤੇ ਲੋਕਾਂ ਵੱਲੋਂ ਦੱਸਿਆ ਗਿਆ ਕਿ ਪਿਛਲੇ ਕਰੀਬ 40 ਸਾਲ ਤੋਂ ਇਸ ਖੇਤਰ ਅੰਰ ਸਥਿਤ ਨਹਿਰ ਵਿੱਚ ਪਾਣੀ ਨਹੀਂ ਆਇਆ। ਉਨ੍ਹਾਂ ਦੱਸਿਆ ਕਿ ਪਾਣੀ ਜਿਆਦਾ ਆਉਂਣ ਕਰਕੇ ਨਿਕਾਸੀ ਤੇ ਗੇਟ ਟੁੱਟ ਗਏ ਸਨ ਅਤੇ ਨਹਿਰ ਦਾ ਪਾਣੀ ਉਪਰੋਕਤ ਪਿੰਡਾਂ ਦੇ ਅੰਦਰ ਚਲਾ ਗਿਆ। ਉਨ੍ਹਾਂ ਦੱਸਿਆ ਕਿ ਅੱਜ ਤਿੰਨ ਗੇਟ ਬਣਾ ਕੇ ਇੱਥੇ ਲਗਾਏ ਜਾ ਰਹੇ ਹਨ ਅਤੇ ਇੱਕ ਗੇਟ ਦਾ ਬਜਨ ਕਰੀਬ 10-12 ਕਵਿੰਟਲ ਹੈ ਅਤੇ ਇਸ ਦੀ ਲਾਈਫ ਕਰੀਬ 50 ਸਾਲ ਰਹੇਗੀ। ਉਨ੍ਹਾਂ ਕਿਹਾ ਕਿ ਅੱਜ ਤਿੰਨ ਦਰਿਆ ਨੂੰ ਬੰਦ ਕਰ ਦਿੱਤਾ ਗਿਆ ਹੈ ਅਤੇ ਹੁਣ ਇਨ੍ਹਾਂ ਪਿੰਡਾਂ ਨੂੰ ਪਾਣੀ ਮਾਰ ਨਹੀਂ ਝਲਣੀ ਪਵੇਗੀ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਪਵਨ ਕੁਮਾਰ ਫੋਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਭੁਪਿੰਦਰ ਸਿੰਘ ਕਟਾਰੂਚੱਕ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਤਕਨੀਕ ਬਾਰੇ ਵਿਚਾਰ ਗੋਸ਼ਟੀ ਦਾ ਆਯੋਜਨ





**ਭਵਾਨੀਗੜ੍ਹ/ਸੰਗਰਰ (ਰਣਜੀਤ ਸਿੰਘ ਪੇਧਨੀ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਫੂਡ ਐਂਡ ਐਗਰੀਕਲਚਰ ਐਸੋਸੀਏਸ਼ਨ (ਐਫ ਏ ਓ) ਨਾਲ ਮਿਲ ਕੇ ਜੀਈਐਫ 7 ਪ੍ਰੋਜੈਕਟ ਅਧੀਨ ਚੁਣੇ ਹੋਏ ਬਲਾਕ ਭਵਾਨੀਗੜ੍ਹ ਦੇ ਪਿੰਡ ਕਾਕੜਾ ਵਿਖੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਵਿਚਾਰ- ਗੋਸ਼ਟੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 30 ਕਿਸਾਨਾਂ ਨੇ ਭਾਗ ਲਿਆ। ਇਸ ਮੌਕੇ ਡਾ. ਰਣਵੀਰ ਸਿੰਘ ਗਿੱਲ, ਸੀਨੀਅਰ ਰਾਈਸ ਬ੍ਰੀਡਰ ਅਤੇ ਇੰਨਚਾਰਜ ਰਾਈਸ ਸੈਕਸ਼ਨ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਨੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਲਈ ਢੁੱਕਵੀਂਆਂ ਕਿਸਮਾਂ ਦੀ ਚੌਣ ਦੀਆਂ ਬਾਰੀਕੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡਾ. ਬੂਟਾ ਸਿੰਘ ਢਿੱਲੋਂ, ਸੀਨੀਅਰ ਫ਼ਸਲ ਵਿਗਿਆਨੀ, ਪੀਏਯੂ, ਲੁਧਿਆਣਾ ਨੇ ਝੋਨੇ ਵਿੱਚ ਆਉਣ ਵਾਲੀਆਂ ਲਘੂ- ਤੱਤਾਂ ਦੀਆਂ ਕਮੀਆਂ ਦੀਆਂ ਨਿਸ਼ਾਨੀਆਂ, ਝੋਨੇ ਦੇ ਖੇਤਾਂ ਨੂੰ ਸੁਕਾ-ਸੁਕਾ ਕੇ ਪਾਣੀ ਲਗਾਉਣ ਦੀ ਤਕਨੀਕ ਅਤੇ ਝੋਨੇ ਵਿੱਚ ਥੋਥ ਨੂੰ ਘਟਾਉਣ ਲਈ ਪੋਟਾਸ਼ੀਅਮ ਨਾਈਟ੍ਰੇਟ (13:0:46) ਦੇ ਸਪਰੇਅ ਬਾਰੇ ਵਿਸਥਾਰ ਸਹਿਤ ਚਰਚਾ ਕੀਤੀ। ਡਾ. ਹਰਪ੍ਰੀਤ ਸਿੰਘ, ਪੌਦਾ ਰੋਗ ਮਾਹਿਰ, ਪੀਏਯੂ, ਲੁਧਿਆਣਾ ਨੇ ਝੋਨੇ ਵਿੱਚ ਕੀੜੇ-ਮਕੌੜੇ ਅਤੇ ਬਿਮਾਰੀਆਂ ਦੀ ਸੁਚੱਜੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ। ਉਨਾਂ ਨੇ ਕਿਸਾਨਾਂ ਨੂੰ ਕੀੜੇਮਾਰ ਅਤੇ ਉੱਲੀਨਾਸ਼ਕ ਦਵਾਈਆਂ ਦੀ ਲੋੜ ਅਨੁਸਾਰ ਅਤੇ ਸਾਵਧਾਨੀ ਨਾਲ ਵਰਤੋਂ ਕਰਨ ਬਾਰੇ ਵੀ ਜਾਗਰੂਕ ਕੀਤਾ ਅਤੇ ਕਿਸਾਨਾਂ ਨੂੰ ਖੇਤੀਬਾੜੀ ਯੂਨੀਵਰਸਿਟੀ ਦੇ ਮਾਹਿਰਾਂ ਨਾਲ ਵੱਧ ਤੋਂ ਵੱਧ ਜੁੜਨ ਲਈ ਪ੍ਰੇਰਿਤ ਕੀਤਾ। ਡਾ. ਰੁਕਿੰਦਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ), ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਝੋਨੇ ਵਿੱਚ ਨਦੀਨ ਪ੍ਰਬੰਧਨ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਪ੍ਰਕਾਸ਼ਿਤ ਕੀਤੇ ਜਾਂਦੇ ਖੇਤੀ ਸਾਹਿਤ ਬਾਰੇ ਜਾਣਕਾਰੀ ਦਿੱਤੀ। ਅਖੀਰ ਵਿੱਚ ਮਾਹਿਰਾਂ ਵੱਲੋਂ ਕਿਸਾਨਾਂ ਦੁਆਰਾ ਪੁੱਛੇ ਸਵਾਲਾਂ ਦੇ ਤਸੱਲੀਬਖ਼ਸ਼ ਢੰਗ ਜਵਾਬ ਨਾਲ ਦਿੱਤੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਤਰਲੋਚਨ ਸਿੰਘ ਜੀ ਪੁਲਸੀਆਂ ਮੱਖੀ ਕਲਾਂ ਦੇ ਅਕਾਲ ਚਲਾਨੇ ਤੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਵੱਲੋਂ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ





ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਦਮਦਮੀ ਟਕਸਾਲ ਵਿੱਚ ਰਹਿ ਕੇ ਬੇਅੰਤ ਸੇਵਾਵਾਂ ਨਿਭਾਉਣ ਵਾਲੇ ਪਿੰਡ ਮੱਖੀ ਕਲਾ ਤੋਂ ਸਿੰਘ ਭਾਈ ਤਰਲੋਚਨ ਸਿੰਘ ਜੀ ਪੁਲਸੀਆ ਜੋ ਅਕਾਲ ਚਲਾਣਾ ਕਰ ਗਏ ਸਨ। ਉਹਨਾਂ ਦੇ ਗ੍ਰਹਿ ਵਿਖੇ ਬਾਬਾ ਸੱਜਣ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ ਸਿੰਘਾ ਸਮੇਤ ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਬਾਬਾ ਸੱਜਣ ਸਿੰਘ ਜੀ ਨੇ ਦੱਸਿਆ ਕਿ ਭਾਈ ਤਰਲੋਚਨ ਸਿੰਘ ਜੀ ਦਮਦਮੀ ਟਕਸਾਲ ਦੇ ਵਿੱਚ ਰਹਿ ਕੇ ਬਹੁਤ ਵੱਡੀਆਂ ਸੇਵਾਵਾਂ ਨਿਬਾਈਆਂ ਜੋ ਉਹਨਾਂ ਨੇ ਆਪਣਾ ਸਾਰਾ ਜੀਵਨ ਦਮਦਮੀ ਟਕਸਾਲ ਵਿੱਚ ਗੁਜਾਰਿਆ ਅਤੇ ਅੰਤਿਮ ਸਵਾਸ ਆਪਣੇ ਗ੍ਰਹਿ ਵਿਖੇ ਰਹਿ ਕੇ ਪੂਰੇ ਕੀਤੇ ਅਤੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਵਾਹਿਗੁਰੂ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ।ਇਸ ਮੌਕੇ ਭਾਈ ਤਰਲੋਚਨ ਸਿੰਘ ਜੀ ਦੇ ਪਿਤਾ ਸ੍ਰ ਸਵਰਨ ਸਿੰਘ , ਮਾਤਾ ਗਿਆਨ ਕੌਰ,ਭਰਾ ਸ੍ਰ ਕਵਲਜੀਤ ਸਿੰਘ,ਬਾਬਾ ਸਤਨਾਮ ਸਿੰਘ ਹੈੱਡ ਗ੍ਰੰਥੀ ਮੱਖੀ ਕਲਾਂ,ਰਾਗੀ ਭਾਈ ਕਿਰਪਾਲ ਸਿੰਘ, ਮਨਪ੍ਰੀਤ ਸਿੰਘ,ਗੁਰਬਖਸ਼ ਸਿੰਘ ਅਤੇ ਭਾਈ ਤਰਲੋਚਨ ਸਿੰਘ ਦਾ ਸਾਰਾ ਪਰਵਾਰ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

ਗੁ ਬਾਬਾ ਲਾਭ ਸਿੰਘ ਸਾਧੂ ਜੀ ਚੱਕ ਮਰਹਾਣਾ ਨੇੜੇ ਮੱਖੂ ਵਿਖੇ

# ਗੁਰਮਤਿ ਸਮਾਗਮ ਵਿੱਚ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹਾਜ਼ਰੀ

**ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਵੱਲੋਂ ਬਾਬਾ ਸੱਜਣ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ਼ ਐਡਵਾਈਜਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ,ਬਾਬਾ ਗੁਰਮੁੱਖ ਸਿੰਘ ਜੀ ਯੂਪੀ ਅਤੇ, ਰਾਗੀ ਭਾਈ ਕਿਰਪਾਲ ਸਿੰਘ ਨੇ ਹਾਜ਼ਰੀ ਭਰੀ**














(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਧੰਨ ਧੰਨ ਬਾਬਾ ਨੰਦ ਸਿੰਘ ਜੀ ਦੀ ਮਿੱਠੀ ਯਾਦ ਵਿੱਚ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਬਾਬਾ ਲਾਭ ਸਿੰਘ ਸਾਧੂ ਜੀ ਪਿੰਡ ਚੱਕ ਮਰਹਾਣਾ ਨੇੜੇ ਮੱਖੂ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ।ਜਿਸ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਵੱਲੋਂ ਬਾਬਾ ਸੱਜਣ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ਼ ਐਡਵਾਈਜਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ,ਬਾਬਾ ਗੁਰਮੁੱਖ ਸਿੰਘ ਜੀ ਯੂਪੀ ਅਤੇ, ਰਾਗੀ ਭਾਈ ਕਿਰਪਾਲ ਸਿੰਘ ਨੇ ਹਾਜ਼ਰੀ ਭਰੀ। ਮਹਾਂਪੁਰਖ ਸੰਤ ਬਾਬਾ ਬਖਸੀਸ ਸਿੰਘ ਜੀ ਚੱਕ ਮਰਹਾਣੇ ਵਾਲਿਆਂ ਵੱਲੋਂ ਸਾਰੇ ਸਿੰਘਾਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਅਤੇ ਜੀ ਆਇਆਂ ਕਿਹਾ।ਨਾਲ ਹੀ ਮਹਾਂਪੁਰਖਾਂ ਨਾਲ ਬਾਬਾ ਸੱਜਣ ਸਿੰਘ ਜੀ ਨੇ ਗੁਰਮਤਿ ਦੀਆਂ ਵਿਚਾਰਾਂ ਸਾਂਝੀਆਂ ਕੀਤੀਆਂ। ਮਹਾਂਪੁਰਖਾ ਵੱਲੋਂ ਬਹੁਤ ਹੀ ਅਥਾਹ ਪਿਆਰ ਮਿਲਿਆ।ਇਸ ਮੌਕੇ ਬਾਬਾ ਸ਼ੇਰ ਸਿੰਘ ਜੀ ਚੱਕ ਮਰਹਾਣਾ,ਬਾਬਾ ਬਲਜਿੰਦਰ ਸਿੰਘ ਸੋਨੂੰ ਹੈੱਡ ਗ੍ਰੰਥੀ, ਭਾਈ ਜਸਬੀਰ ਸਿੰਘ ਮਰਹਾਣਾ, ਭਾਈ ਹੀਰਾ ਸਿੰਘ ਮਰਹਾਣਾ, ਸ੍ਰ ਸੁਖਦੇਵ ਸਿੰਘ ਘੁੱਦੂਵਾਲਾ, ਭਾਈ ਸਾਹਿਬ ਸਿੰਘ ਸਰਹਾਲੀ, ਭਾਈ ਗੁਰਦੇਵ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸੇਵਾਵਾਂ ਨਿਰੰਤਰ ਜਾਰੀ

## ਸ਼੍ਰੋਮਣੀ ਕਮੇਟੀ ਮੁਲਾਜ਼ਮ ਪੀੜਤਾਂ ਤੱਕ ਪਹੁੰਚ ਕੇ ਕਰ ਰਹੇ ਹਨ ਸੇਵਾ











**ਅੰਮ੍ਰਿਤਸਰ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸੇਵਾਵਾਂ ਨਿਰੰਤਰ ਜਾਰੀ ਹਨ। ਪ੍ਰਭਾਵਿਤ ਇਲਾਕਿਆਂ ਵਿੱਚ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਪੀੜਤਾਂ ਤੱਕ ਪਹੁੰਚ ਕੇ ਹਰ ਸੰਭਵ ਮਦਦ ਦੇਣ ਲਈ ਕਾਰਜਸ਼ੀਲ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਤਹਿਤ ਹੜ੍ਹ ਪ੍ਰਭਾਵਿਤ ਇਲਾਕਿਆਂ ਸੁਲਤਾਨਪੁਰ ਲੋਧੀ, ਗੋਇੰਦਵਾਲ ਸਾਹਿਬ, ਡੇਰਾ ਬਾਬਾ ਨਾਨਕ, ਰਮਦਾਸ, ਅਜਨਾਲਾ ਆਦਿ ਵਿੱਚ ਨੇੜਲੇ ਗੁਰਦੁਆਰਾ ਸਾਹਿਬਾਨ ਤੋਂ ਸਹਾਇਤਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨਾਂ ਦੌਰਾਨ ਪਾਣੀ ਦਾ ਪੱਧਰ ਵਧਣ ਅਤੇ ਕਈ ਥਾਵਾਂ ਤੋਂ ਦਰਿਆ ਦੇ ਬੰਨ੍ਹ ਟੁੱਟਣ ਕਰਕੇ ਹਲਾਤ ਹੋਰ ਵੀ ਖ਼ਰਾਬ ਹੋ ਰਹੇ ਹਨ। ਸ਼੍ਰੋਮਣੀ ਕਮੇਟੀ ਨੇ ਇਸ ਔਖੇ ਸਮੇਂ ਆਪਣੇ ਪ੍ਰਬੰਧ ਵਾਲੇ ਸਾਰੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨੂੰ ਲੋਕਾਂ ਦੇ ਸਹਿਯੋਗ ਲਈ ਨਿਰਦੇਸ਼ ਦਿੱਤੇ ਹਨ। ਜਿਥੇ ਸੰਗਤ ਦੀ ਰਹਾਇਸ਼ ਲਈ ਸਰਾਵਾਂ ਤੇ ਲੰਗਰ ਦੇ ਪ੍ਰਬੰਧ ਨਿਰੰਤਰ ਜਾਰੀ ਹਨ, ਉਥੇ ਸ਼੍ਰੋਮਣੀ ਕਮੇਟੀ ਮੁਲਾਜ਼ਮ ਪੀੜਤਾਂ ਤੱਕ ਮਦਦ ਪਹੁੰਚਾਉਣ ਲਈ ਵੀ ਹਰ ਸੰਭਵ ਯਤਨ ਕਰ ਰਹੇ ਹਨ। ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਵੱਲੋਂ ਵੀ ਲੋਕਾਂ ਤੀਕ ਪੁੱਜ ਕੇ ਉਨ੍ਹਾਂ ਦੀਆਂ ਮੁਸਕਲਾਂ ਨੂੰ ਹਲ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ।

ਸ. ਪ੍ਰਤਾਪ ਸਿੰਘ ਨੇ ਪ੍ਰਭਾਵਿਤ ਲੋਕਾਂ ਨੂੰ ਅਪੀਲ ਕੀਤੀ ਕਿ ਲੋੜੀਂਦੀਆਂ ਸੇਵਾਵਾਂ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਨੇੜਲੇ ਗੁਰਦੁਆਰਾ ਸਾਹਿਬਾਨ ਨਾਲ ਰਾਬਤਾ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵਿੱਤ ਮੰਤਰੀ ਦੇ ਇਸ਼ਾਰੇ 'ਤੇ

# ਐਨ ਐਸ ਕਿਉ ਐਫ ਟੀਚਰ ਫਰੰਟ ਅਧਿਆਪਕਾਂ ਦੀ ਪੁਲਿਸ ਵੱਲੋਂ ਖਿੱਚ-ਧੂਹ



ਮੋਗਾ,28 ਅਗਸਤ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ) ਆਵਾਜਿ ਕੌਮ ਬਿਊਰੋ ਰਿਪੋਰਟ - ਪੰਜਾਬ ਸਰਕਾਰ ਦੁਆਰਾ ਐਨ ਐਸ ਕਿਉ ਐਫ ਟੀਚਰ ਫਰੰਟ ਨੂੰ ਵਾਰ -ਵਾਰ ਮੀਟਿੰਗਾ ਦੇ ਕੇ ਉਹਨਾ ਨੂੰ ਰੱਦ ਕਰਨ ਦੇ ਵਿਰੋਧ ਵਿੱਚ ਅੱਜ ਮਿਤੀ 24 ਅਗਸਤ 2025 ਨੂੰ ਐਨ ਐਸ ਕਿਉ ਐਫ ਟੀਚਰ ਫਰੰਟ ਵੱਲੋ ਖਜਾਨਾ ਮੰਤਰੀ ਦੇ ਦਫਤਰ ਦਿੜਬਾ (ਸੰਗਰੂਰ) ਵਿਖੇ ਤਿੱਖਾ ਵਿਰੋਧ ਕੀਤਾ ਗਿਆ। ਜਿਸ ਦੌਰਾਨ ਕੋਈ ਪੁਖਤਾ ਹੱਲ ਨਾ ਕਰਨ ਹੋਣ ਕਾਰਨ ਇਹ ਸੰਘਰਸ਼ ਸ਼ਾਮ ਤੱਕ ਜਾਰੀ ਰਿਹਾ ਅਤੇ ਪੁਲਿਸ ਪ੍ਰਸ਼ਾਸ਼ਨ ਵੱਲੋ ਲੇਡੀਜ ਅਤੇ ਜੈਂਟਸ ਟੀਚਰਾ ਨਾਲ ਧੱਕਾ ਮੁੱਕੀ,ਲਾਠੀ ਚਾਰਜ,ਲੇਡੀਜ ਦੀਆ ਚੁੰਨੀਆਂ ਖਿੱਚੀਆਂ ਗਈਆ, ਮੋਬਾਇਲ ਫੋਨ ਤੋੜ ਦਿੱਤੇ ਗਏ ਅਤੇ ਐਨ ਐਸ ਕਿਉ ਐਫ ਟੀਚਰਸ ਨੂੰ ਦਿੜਬਾ ਦੇ ਨੇੜੇ ਵੱਖ ਵੱਖ ਥਾਨਿਆ ਵਿੱਚ ਬੰਦ ਕਰ ਦਿੱਤਾ ਗਿਆ। ਐਨ ਐਸ ਕਿਉ ਐਫ ਟੀਚਰਾਂ ਤੇ ਸਰਕਾਰ ਦੁਆਰਾ ਕੀਤੇ ਗਏ ਤਸ਼ੱਦਤ ਦੀ ਅਸੀ ਸਖਤ ਨਿੰਦਾ ਕਰਦੇ ਹਾਂ ਅਤੇ ਇਹ ਚਿਤਾਵਨੀ ਦਿੰਦੇ ਹਾਂ ਕਿ ਇਹਨਾ ਦੀਆ ਮੰਗਾ ਦਾ ਹੱਲ ਕੀਤਾ ਜਾਵੇ ਨਹੀ ਤਾ ਆਉਣ ਵਾਲੇ ਸਮੇਂ ਵਿੱਚ ਸਰਕਾਰ ਦਾ ਤਿੱਖਾ ਵਿਰੋਧ ਕੀਤਾ ਜਾਵੇਗਾ।ਇਸ ਮੌਕੇ ਤੇ ਡੈਮੋਕਰੇਟਿਕ ਟੀਚਰਜ ਫਰੰਟ ( ਡੀ. ਟੀ.ਐਫ ) ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ, ਜਬਰਦਸਤ ਖਿੱਚ ਧੂ ਅਤੇ ਗ੍ਰਿਫਤਾਰੀਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਇਸ ਮੌਕੇ ਤੇ ਵਿਕਰਮਦੇਵ ਸਿੰਘ ( ਸੂਬਾ ਪ੍ਰਧਾਨ ) ਮਹਿੰਦਰ ਸਿੰਘ ਕੌੜਿਆਂਵਾਲੀ ( ਜਰਨਲ ਸਕੱਤਰ ) ਡੈਮੋਕਰੈਟਿਕ ਟੀਚਰ ਫਰੰਟ ਪੰਜਾਬ ਹਾਜ਼ਰ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਦਲ ਦਲ ਦੀ ਪੁਰਾਣੀ ਫਿਤਰਤ ਹੈ ਕਿ...


ਟੌਹੜਾ ਨੂੰ ਕਾਂਗਰਸ ਨਾਲ ਸਾਂਝ ਪਾਉਣ ਬਾਅਦ ਹੀ ਪਾਰਟੀ 'ਚੋਂ ਕੱਢਿਆ-ਬਾਦਲ

ਠਜੋੜ 'ਚ ਮੁਲਾਇਮ ਸਿੰਘ
ੀ ਸੰਭਾਵਨਾ ਨਹੀਂ-ਫਰਨਾਂਡੇਜ਼

ਟੌਹੜਾ-ਨਿਰੰਕਾਰੀ ਵਿਵਾਦ
ਮੁੜ ਵਿਚਾਰਨ ਦੀ ਅਪੀਲ

ਕਾਂਗਰਸ ਵੱਲੋਂ ਗੋਆ ਵਿਧਾਨ ਸਭਾ
ਲਈ ਉਮੀਦਵਾਰਾਂ ਦੀ ਸੂਚੀ ਜਾਰੀ

25 ਗ੍ਰਾਮ ਤੇ 50 ਗ੍ਰਾਮ ਦੇ ਵੀ ਖਾਲਸਾ


ਟੌਹੜਾ ਨੇ ਕਾਂਗਰਸ ਦੀ ਮਦਦ ਲਈ ਨਵਾਂ ਦਲ ਬਣਾਇਆ-ਬਾਦਲ

ਬਾਦਲ ਦਲ ਦੀ ਪੁਰਾਣੀ ਫਿਤਰਤ ਹੈ ਕਿ ਜਦੋਂ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਇੰਨਾਂ ਨੂੰ ਕੋਈ ਸੇਧ ਦੇਣ ਦਾ ਯਤਨ ਕੀਤਾ ਤਾਂ ਇੰਨਾਂ ਹਮੇਸ਼ਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਖਿਲਾਫ ਘਟੀਆ ਸ਼ਬਦਾਵਲੀ ਵਰਤੀ।

1999 ਵਿਚ ਇਹ ਜਥੇਦਾਰ ਭਾਈ ਰਣਜੀਤ ਸਿੰਘ ਖਿਲਾਫ ਭੁਗਤੇ ਜਿਵੇਂ ਹੁਣ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਨਿਸ਼ਾਨਾ ਬਣਾ ਰਹੇ ਹਨ।

ਇੱਥੋਂ ਤੱਕ ਕਿ ਜਦੋਂ ਜਥੇਦਾਰ ਗੁਰਚਰਨ ਸਿੰਘ ਟੋਹੜਾ ਨੇ ਇੰਨਾਂ ਤੋਂ ਵੱਖ ਹੋ ਕੇ ਸਰਬ ਹਿੰਦ ਅਕਾਲੀ ਦਲ ਬਣਾਇਆ ਤਾਂ ਇੰਨਾਂ ਉਸ ਨੂੰ ਵੀ ਕਾਂਗਰਸ ਦੀ ਬੀ ਟੀਮ ਗਰਦਾਨਿਆ।

ਫਿਰ ਜਦੋਂ ਉਹ ਵਾਪਸ ਬਾਦਲ ਦਲ ਵਿੱਚ ਆ ਗਏ ਤਾਂ ਉੱਨਾਂ ਨੂੰ ਪੰਥ ਰਤਨ ਆਖਣ ਲੱਗ ਪਏ।ਮਤਲਬ ਜਿਹੜਾ ਇੰਨਾਂ ਤੋਂ ਆਕੀ ਹੋ ਕੇ ਸਿਧਾਤਾਂ ਦੀ ਗੱਲ ਕਰੇ ਤਾਂ ਉਹ ਗਦਾਰ ਜਾਂ ਬੀਜੇਪੀ ਤੇ ਜਾਂ ਕਾਂਗਰਸ ਦਾ ਏਜੰਟ ਬਣ ਜਾਂਦਾ ਹੈ। ਜਿਵੇ ਮਲੂਕਾ ਸਾਹਿਬ ਵਾਪਸ ਗਏ ਤੇ ਫਿਰ ਆਰ ਐਸ਼ ਐਸ਼ ਜਾਂ ਬੀਜੇਪੀ ਦਾ ਕੋਈ ਰੌਲਾ ਨਹੀ ਪਿਰ ਉਹੀ ਇੰਨਾਸਨ ਪੰਥਕ ਬਣ ਗਿਆ।ਮਤਲਬ ਜੇ ਇੰਨਾਂ ਦੇ ਥੱਲੇ ਲੱਗ ਜਾਵੇ ਤਾਂ ਫਿਰ ਪੰਥ ਰਤਨ ਵੀ ਹੋ ਸਕਦੈ ਜੇ ਨਹੀਂ ਤਾਂ ਪੰਥ ਦਾ ਗਦਾਰ ਕਹਿੰਦੇ ਹਨ ਜਿਵੇ ਪੰਥ ਇਕੱਲਾ ਬਾਦਲ ਦਲ ਹੀ ਹੁੰਦਾ ਹੈ।

1999 ਦੀਆਂ ਕੁਝ ਅਖਬਾਰਾਂ ਦੀਆਂ ਕਟਿੰਗਾਂ ਇਸ ਦੀ ਗਵਾਹੀ ਦੇ ਰਹੀਆਂ ਹਨ। ਹੁੱਣ ਤੁਸੀ ਸੁਣ ਤੇ ਦੇਖ ਹੀ ਰਹੇ ਹੋ।

ਆਵਾਜ਼ਿ ਕੌਮ AWAZE QAUM International Newspaper & WEB TV